ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 24 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੮ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕਾਂਗਰਸ ਦੀ ਸਾਬਕਾ ਵਿਧਾਇਕਾ ਸਤਿਕਾਰ ਕੌਰ ਨਸ਼ੇ ਸਮੇਤ ਗ੍ਰਿਫ਼ਤਾਰ

**ਚੰਡੀਗੜ੍ਹ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਵਿਧਾਇਕ ਸਤਿਕਾਰ ਕੌਰ ਗਹਿਰੀ ਨੂੰ ਪੰਜਾਬ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਪੰਜਾਬ



ਪੁਲਸ ਦੇ ਅਧਿਕਾਰੀ ਸੁਖਚੈਨ ਸਿੰਘ ਗਿੱਲ ਨੇ ਦੱਸਿਆ ਕਿ ਏਜੀਟੀਐੱਫ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਇਕ ਵਿਅਕਤੀ ਜੋ ਨਸ਼ੇ ਦਾ ਆਦੀ ਹੈ, ਨੂੰ ਨਸ਼ਾ ਵੇਚਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਇਸ ਤੋਂ ਬਾਅਦ ਪੁਲਸ ਨੇ ਟੈਕਨੀਕਲ ਤਰੀਕੇ ਨਾਲ ਜਾਂਚ ਕੀਤੀ ਅਤੇ ਨੰਬਰ ਟਰੇਸ ਕੀਤਾ। ਇਸ ਦੌਰਾਨ ਪੁਲਸ ਟੀਮ ਨੇ ਨਾਕੇ ਤੋਂ ਸਾਬਕਾ ਵਿਧਾਇਕਾ ਸਤਿਕਾਰ ਕੌਰ ਗਹਿਰੀ ਅਤੇ ਬਰਿੰਦਰ ਸਿੰਘ ਨਾਂ ਦੇ ਵਿਅਕਤੀ ਨੂੰ ਰੋਕਿਆ ਅਤੇ ਜਾਂਚ ਕੀਤੀ। ਪੁਲਸ ਨੇ ਮੌਕੇ ਤੋਂ 100 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਦੱਸਣਯੋਗ ਹੈ ਕਿ ਸਤਿਕਾਰ ਕੌਰ 2017 ਤੋਂ 2022 ਤੱਕ ਫ਼ਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਰਹੇ ਹਨ। ਇਹ ਵੀ ਪਤਾ ਲੱਗਾ ਹੈ ਕਿ ਬਰਿੰਦਰ ਸਿੰਘ ਸਤਿਕਾਰ ਕੌਰ ਦੀ ਕਾਰ ਡਰਾਈਵਰ ਹੈ। ਇਸ ਮਾਮਲੇ ਵਿਚ ਅਜੇ ANTF ਵਲੋਂ ਵੀ ਜਾਂਚ ਕੀਤੀ ਜਾ ਰਹੀ ਹੈ। ਇਸ ਤੋਂ ਬਾਅਦ ਖਰੜ, ਸੰਨੀ ਐਨਕਲੇਵ ਵਿਚ ਸਤਿਕਾਰ ਕੌਰ ਦੇ ਘਰ ਦੀ ਤਲਾਸ਼ੀ ਲਈ ਜਿਥੇ ਛੋਟੇ ਪੈਕਟਾਂ ਵਿਚ 28 ਗ੍ਰਾਮ ਚਿੱਟਾ ਅਤੇ ਨਕਦੀ ਬਰਾਮਦ ਹੋਈ ਹੈ। ਇਸ ਤੋਂ ਇਲਾਵਾ 4 ਵਾਹਨ, ਕੁਝ ਗਹਿਣੇ, 5 ਵੱਖ-ਵੱਖ ਨੰਬਰ ਪਲੇਟਾਂ, ਜੋ ਦਿੱਲੀ ਅਤੇ ਹਰਿਆਣਾ ਦੀਆਂ ਹਨ ਬਰਾਮਦ ਹੋਈਆਂ ਹਨ। ਫਿਲਹਾਲ ਪੁਲਸ ਵਲੋਂ ਸਾਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।

### ਸੋਸ਼ਲ ਮੀਡੀਆ ’ਤੇ ਪੋਸਟ ਵਾਇਰਲ

# ਰਾਹੁਲ ਗਾਂਧੀ ਅਤੇ ਓਵੈਸੀ ਨੂੰ ਜਾਨੋਂ ਮਾਰਨ ਦੀ ‘ਧਮਕੀ’

**ਨਵੀਂ ਦਿੱਲੀ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਾਬਾ ਸਿੱਦੀਕੀ ਦੇ ਕਤਲ ਤੋਂ ਬਾਅਦ ਲਾਰੇਂਸ ਬਿਸ਼ਨੋਈ ਦਾ ਨਾਂ ਇਕ ਵਾਰ ਫਿਰ ਦੇਸ਼ ’ਚ ਚਰਚਾ ’ਚ ਹੈ। ਇਸ ਦੌਰਾਨ ਕਾਂਗਰਸ ਨੇਤਾ ਅਤੇ ਰਾਏਬਰੇਲੀ ਤੋਂ ਸੰਸਦ ਮੈਂਬਰ ਰਾਹੁਲ ਗਾਂਧੀ ਨੂੰ ਫੇਸਬੁੱਕ ’ਤੇ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਹੈ। ਸੋਸ਼ਲ ਮੀਡੀਆ ’ਤੇ ਗੈਂਗਸਟਰ ਲਾਰੇਂਸ ਬਿਸ਼ਨੋਈ ਦੀ ਫੋਟੋ ਨੂੰ ਲੈ ਕੇ ਧਮਕੀਆਂ ਦਿੱਤੀਆਂ ਗਈਆਂ ਹਨ। NSUI ਵਰਕਰਾਂ ਨੇ ਇਸ ਸਬੰਧੀ ਵਾਰਾਣਸੀ ਦੇ ਸਿਗਰਾ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ ਹੈ। ਐਨਐਸਯੂਆਈ ਨੇ ਸੋਸ਼ਲ ਮੀਡੀਆ ਯੂਜ਼ਰ ਖ਼ਿਲਾਫ਼ ਤੁਰੰਤ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਹੈ। ਇਸ ਪੋਸਟ ’ਚ ਰਾਹੁਲ ਗਾਂਧੀ ਦੇ ਨਾਲ-ਨਾਲ AIMIM ਦੇ ਮੁਖੀ ਅਸਦੁਦੀਨ ਓਵੈਸੀ ਲਈ ਵੀ ਇਹੀ ਗੱਲ ਕਹੀ ਗਈ ਹੈ। NSUI ਪੂਰਬੀ ਉੱਤਰ ਪ੍ਰਦੇਸ਼ ਦੇ ਪ੍ਰਧਾਨ ਰਿਸ਼ਭ ਪਾਂਡੇ ਨੇ ਦੱਸਿਆ, ਬੁੱਧਾਦਿੱਤਯ ਮੋਹੰਤੀ ਨਾਮ ਦੇ ਇੱਕ ਯੂਜ਼ਰ ਨੇ ਵਾਇਨਾਡ ਦੇ ਸੰਸਦ ਮੈਂਬਰ ਰਾਹੁਲ ਗਾਂਧੀ ਬਾਰੇ ਸੋਸ਼ਲ ਮੀਡੀਆ ’ਤੇ ਇੱਕ ਪੋਸਟ ਕੀਤੀ ਹੈ, ਜਿਸ ਵਿੱਚ ਉਸਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਪੋਸਟ ’ਚ ਲਾਰੇਂਸ ਬਿਸ਼ਨੋਈ ਦੀ ਫੋਟੋ ਦਾ ਮਹਿਮਾ ਮੰਡਨ ਵੀ ਕੀਤਾ ਗਿਆ ਹੈ। NSUI ਨੇ ਕਿਹਾ, “ਰਾਹੁਲ ਗਾਂਧੀ ਹਰ ਵਰਗ ਦੇ ਲੋਕਾਂ ਨੂੰ ਨਾਲ ਲੈ ਕੇ ਸੰਵਿਧਾਨ ਦੀ ਰੱਖਿਆ ਦੀ ਗੱਲ ਕਰ ਰਹੇ ਹਨ ਅਤੇ ਇਸ ਸਥਿਤੀ ਵਿੱਚ ਉਹ ਦੇਸ਼ ਦੀ ਸਭ ਤੋਂ ਵੱਡੀ ਉਮੀਦ ਹਨ। ਅਸੀਂ ਉਨ੍ਹਾਂ ਦੇ ਖਿਲਾਫ ਅਜਿਹੀ ਸੋਚ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਾਂਗੇ। ਸਾਡੀ ਮੰਗ ਹੈ ਕਿ ਇਸ ਅਪਰਾਧਿਕ ਮਾਨਸਿਕਤਾ ਵਾਲੇ ਵਿਅਕਤੀ ਦੇ ਖਿਲਾਫ ਜਲਦੀ ਹੀ ਐੱਫ.ਆਈ.ਆਰ. ਦਰਜ ਕੀਤਾ ਜਾਵੇ।



**ਪੋਸਟ ’ਚ ਲਾਰੈਂਸ ਬਿਸ਼ਨੋਈ ਦਾ ਜ਼ਿਕਰ** : ਇਸ ਪੋਸਟ ਵਿੱਚ ਕਾਂਗਰਸ ਨੇਤਾ ਰਾਹੁਲ ਗਾਂਧੀ ਬਾਰੇ ਵੀ ਲਾਰੇਂਸ ਬਿਸ਼ਨੋਈ ਦਾ ਜ਼ਿਕਰ ਕੀਤਾ ਗਿਆ ਹੈ। ਹਾਲਾਂਕਿ ਇਹ ਵੀ ਮੰਨਿਆ ਜਾ ਰਿਹਾ ਹੈ ਕਿ ਕਿਸੇ ਸ਼ਰਾਰਤੀ ਅਨਸਰ ਨੇ ਖਬਰਾਂ ’ਚ ਬਣੇ ਰਹਿਣ ਲਈ ਸਿਆਸਤਦਾਨਾਂ ਬਾਰੇ ਅਜਿਹੀ ਪੋਸਟ ਕੀਤੀ ਹੈ। ਫਿਲਹਾਲ ਇਸ ਮਾਮਲੇ ਨੂੰ ਲੈ ਕੇ ਐਨਐਸਯੂਆਈ ਵਰਕਰਾਂ ਨੇ ਨਾਰਾਜ਼ਗੀ ਪ੍ਰਗਟਾਈ ਹੈ।



## ਸੁਖਬੀਰ ਸਿੰਘ ਬਾਦਲ ਬਾਰੇ ਅਗਲਾ ਫ਼ੈਸਲਾ ਦੀਵਾਲੀ ਤੋਂ ਬਾਅਦ : ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ

**ਅੰਮ੍ਰਿਤਸਰ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਚੋਣਾਂ ਵਿਚ ਛੋਟ ਨਹੀਂ ਦਿੱਤੀ ਹੈ। ਗਿਆਨੀ ਰਘਬੀਰ ਸਿੰਘ ਨੇ ਆਖਿਆ ਹੈ ਕਿ ਕੱਲ੍ਹ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਵਿਚ 7 ਮੈਂਬਰੀ ਵਫ਼ਦ ਵਲੋਂ ਉਨ੍ਹਾਂ ਨਾਲ ਮੁਲਾਕਾਤ ਕਰਕੇ ਸੁਖਬੀਰ ਬਾਦਲ ਨੂੰ ਸਿਆਸੀ ਸਰਗਰਮੀਆਂ ਵਿਚ ਛੋਟ ਦੇਣ ਦੀ ਅਪੀਲ ਕੀਤੀ ਗਈ ਸੀ ਪਰ ਇਹ ਛੋਟ ਨਹੀਂ ਦਿੱਤੀ ਗਈ ਹੈ। ਸਿੰਘ ਸਾਹਿਬ ਨੇ ਆਖਿਆ ਹੈ ਕਿ ਕੋਈ ਵੀ ਤਨਖ਼ਾਹੀਆ ਸਿੱਖ ਤਨਖ਼ਾਹ ਪੂਰੀ ਕਰਨ ਤਕ ਤਨਖ਼ਾਹੀਆ ਹੀ ਰਹਿੰਦਾ ਹੈ। ਜਥੇਦਾਰ ਨੇ ਆਖਿਆ ਹੈ ਕਿ ਇਸ ਸੰਬੰਧੀ ਦੀਵਾਲੀ ਤੋਂ ਬਾਅਦ ਪੰਜ ਸਿੰਘ ਸਾਹਿਬਾਨਾਂ ਦੀ ਬੈਠਕ ਕੀਤੀ ਜਾਵੇਗੀ ਅਤੇ ਇਸ ਬਾਬਤ ਅਗਲਾ ਫ਼ੈਸਲਾ ਲਿਆ ਜਾਵੇਗਾ। ਗਿਆਨੀ ਰਘਬੀਰ ਸਿੰਘ ਨੇ ਇਸ ਮਾਮਲੇ ਵਿਚ ਸਥਿਤੀ ਸਪੱਸ਼ਟ ਕਰਦਿਆਂ ਕਿਹਾ ਕਿ ਤਨਖ਼ਾਹੀਏ ਦੀ ਇਕ ਪਰਿਭਾਸ਼ਾ ਹੁੰਦੀ ਹੈ, ਉਸ ਨੂੰ ਪਰਭਾਸ਼ਿਤ ਕਰਨਾ ਹਰ ਸਿੱਖ ਲਈ ਜ਼ਰੂਰੀ ਹੈ ਜਦੋਂ ਤੱਕ ਸਿੰਘ ਸਾਹਿਬਾਨ ਵਲੋਂ ਫ਼ਸੀਲ ਤੋਂ ਉਕਤ ਸਿੱਖ ਤਨਖ਼ਾਹ ਨਹੀਂ ਲਗਵਾ ਲੈਂਦਾ ਉਦੋਂ ਤਕ ਉਹ ਤਨਖ਼ਾਹੀਆਂ ਹੀ ਰਹਿੰਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਾਡੀ ਆਪਣੀ ਵੱਡੀ ਸੰਸਥਾ ਇਸ ਦੇ ਕੰਮਕਾਜ ਵਿਚ ਸਰਕਾਰਾਂ ਨੂੰ ਦਖ਼ਲ ਨਹੀਂ ਦੇਣਾ ਚਾਹੀਦਾ। ਇਥੇ ਇਹ ਖਾਸ ਤੌਰ ’ਤੇ ਦੱਸਣਯੋਗ ਹੈ ਕਿ 30 ਅਗਸਤ ਨੂੰ ਪੰਜ ਸਿੰਘ ਸਾਹਿਬਾਨਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਤਨਖ਼ਾਹੀਆ ਕਰਾਰ ਦਿੱਤਾ ਸੀ, ਜਿਸ ਤੋਂ ਬਾਅਦ ਸੁਖਬੀਰ ਬਾਦਲ ਨੇ ਨਿੱਜੀ ਤੌਰ ’ਤੇ ਸ੍ਰੀ ਅਕਾਲ ਤਖ਼ਤ ਵਿਖੇ ਪੇਸ਼ ਹੋ ਕੇ ਸਪੱਸ਼ਟੀਕਰਨ ਸੌਂਪਦਿਆਂ ਆਖਿਆ ਸੀ ਕਿ ਜਥੇਦਾਰ ਸਾਹਿਬ ਵਲੋਂ ਜਿਹੜੀ ਵੀ ਸਜ਼ਾ ਉਨ੍ਹਾਂ ਨੂੰ ਲਗਾਈ ਜਾਵੇਗੀ ਉਹ ਨਿਮਾਣੇ ਸਿੱਖ ਵਜੋਂ ਪ੍ਰਵਾਨ ਕਰਨਗੇ।



## ਸਮੁੰਦਰ ਨਾਲ ਟਕਰਾਏਗਾ ਤੂਫਾਨ ਦਾਨਾ ? 120 KMPH ਹੋਵੇਗੀ ਤੂਫਾਨ ਦੀ ਰਫਤਾਰ, ਤਬਾਹੀ ਤੋਂ ਪਹਿਲਾਂ ਸਕੂਲ-ਕਾਲਜ ਬੰਦ, ਕਈ ਰੇਲਾਂ ਵੀ ਰੱਦ



**ਨਵੀਂ ਦਿੱਲੀ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਮੌਸਮ ਵਿਭਾਗ ਨੇ ਚਿਤਾਵਨੀ ਜਾਰੀ ਕਰਦਿਆਂ ਹੋਇਆਂ ਕਿਹਾ ਸੀ ਕਿ ਬੰਗਾਲ ਦੀ ਖਾੜੀ ’ਚ ਬਣਨ ਵਾਲਾ ਘੱਟ ਦਬਾਅ ਵਾਲਾ ਖੇਤਰ ਚੱਕਰਵਾਤੀ ਤੂਫਾਨ ਦਾਨਾ ’ਚ ਬਦਲ ਜਾਵੇਗਾ। ਇਸ ਤੋਂ ਬਾਅਦ ਇਹ ਤੂਫਾਨ ਇੱਕ ਦਿਨ ਦੇ ਅੰਦਰ ਉੜੀਸਾ ਅਤੇ ਪੱਛਮੀ ਬੰਗਾਲ ਦੇ ਨਾਲ ਲੱਗਦੇ ਤੱਟਾਂ ਤੱਕ ਪਹੁੰਚ ਜਾਵੇਗਾ। ਮੌਸਮ ਵਿਭਾਗ ਨੇ ਕਿਹਾ ਸੀ ਕਿ ਇਸ ਦੌਰਾਨ ਦੋਵਾਂ ਰਾਜਾਂ ਵਿੱਚ ਭਾਰੀ ਮੀਂਹ ਪੈ ਸਕਦਾ ਹੈ। ਇਸ ਤੋਂ ਇਲਾਵਾ 110-120 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਚੱਲ ਸਕਦੀਆਂ ਹਨ। ਤੱਟਵਰਤੀ ਖੇਤਰਾਂ ਦੇ ਮਛੇਰਿਆਂ ਨੂੰ ਇਸ ਹਫ਼ਤੇ ਸਮੁੰਦਰ ਵਿੱਚ ਨਾ ਜਾਣ ਦੀ ਸਲਾਹ ਦਿੱਤੀ ਗਈ ਹੈ। ਇਸ ਦੇ ਨਾਲ ਹੀ ਦੋਵਾਂ ਨੇ ਇਸ ਤੂਫਾਨ ਨਾਲ ਨਜਿੱਠਣ ਲਈ ਤਿਆਰੀਆਂ ਕਰ ਲਈਆਂ ਹਨ। ਚੱਕਰਵਾਤ ਦੇ ਡਰ ਨੂੰ ਦੇਖਦਿਆਂ ਹੋਇਆਂ ਓਡੀਸ਼ਾ ’ਚ ਸਕੂਲ ਅਤੇ ਕਾਲਜ ਬੰਦ ਕਰ ਦਿੱਤੇ ਗਏ ਹਨ। ਸਰਕਾਰੀ ਮੁਲਾਜ਼ਮਾਂ ਦੀਆਂ 26 ਅਕਤੂਬਰ ਤੱਕ ਦੀਆਂ ਛੁੱਟੀਆਂ ਵੀ ਰੱਦ ਕਰ ਦਿੱਤੀਆਂ ਗਈਆਂ ਹਨ। ਉੱਥੇ ਹੀ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਓਡੀਸ਼ਾ ਦਾ ਤਿੰਨ ਦਿਨਾ ਦੌਰਾ ਵੀ ਮੁਲਤਵੀ ਕਰ ਦਿੱਤਾ ਗਿਆ ਹੈ। ਚੱਕਰਵਾਤ ਕਾਰਨ 23 ਤੋਂ 25 ਅਕਤੂਬਰ ਦਰਮਿਆਨ ਓਡੀਸ਼ਾ ਦੇ ਤੱਟਵਰਤੀ ਖੇਤਰਾਂ ਵਿੱਚ ਭਾਰੀ ਬਾਰਿਸ਼ ਹੋ ਸਕਦੀ ਹੈ। ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਸੁਰੇਸ਼ ਪੁਜਾਰੀ ਨੇ ਕਿਹਾ ਕਿ ਚੱਕਰਵਾਤ ਦੀ ਸੰਭਾਵਨਾ ਦੇ ਮੱਦੇਨਜ਼ਰ 10 ਤੱਟਵਰਤੀ ਜ਼ਿਲ੍ਹਿਆਂ ਵਿੱਚ DRAF ਦੀਆਂ 17 ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਇਸ ਦੇ ਨਾਲ ਹੀ ਸੈਲਾਨੀਆਂ ਨੂੰ ਸ਼ਹਿਰ ਖਾਲੀ ਕਰਨ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ ਸੈਲਾਨੀਆਂ ਨੂੰ 24-25 ਅਕਤੂਬਰ ਨੂੰ ਪੁਰੀ ਦੀ ਯਾਤਰਾ ਨਾ ਕਰਨ ਦੀ ਸਲਾਹ ਦਿੱਤੀ ਗਈ ਹੈ। ਚੱਕਰਵਾਤ ਦੌਰਾਨ ਨਗਰ ਨਿਗਮ ਦਾ ਕੰਟਰੋਲ ਰੂਮ 24 ਘੰਟੇ ਚੱਲੇਗਾ। ਸਾਵਧਾਨੀ ਲਈ 250 ਰਾਹਤ ਕੇਂਦਰ ਅਤੇ 500 ਵਾਧੂ ਰਾਹਤ ਕੇਂਦਰ ਬਣਾਏ ਗਏ ਹਨ। ਭੁਵਨੇਸ਼ਵਰ ਮੌਸਮ ਵਿਭਾਗ ਦੇ ਨਿਰਦੇਸ਼ਕ ਮਨੋਰਮਾ ਮਹਾਪਾਤਰਾ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਚੱਕਰਵਾਤ ਬੁੱਧਵਾਰ ਨੂੰ ਸਭ ਤੋਂ ਵੱਧ ਐਕਟਿਵ ਹੋ ਜਾਵੇਗਾ। ਇਸ ਕਾਰਨ ਬੰਗਾਲ ਅਤੇ ਉੜੀਸਾ ਵਿੱਚ ਭਾਰੀ ਮੀਂਹ ਪੈ ਸਕਦਾ ਹੈ। ਮੌਸਮ ਵਿਭਾਗ ਅਨੁਸਾਰ 24 ਅਤੇ 25 ਅਕਤੂਬਰ ਨੂੰ ਬੰਗਾਲ ਦੇ ਪੂਰਬੀ ਮੇਦਿਨੀਪੁਰ, ਪੱਛਮੀ ਮੇਦਿਨੀਪੁਰ, ਦੱਖਣੀ 24 ਪਰਗਨਾ ਅਤੇ ਝਾੜਗ੍ਰਾਮ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਅਤੇ ਇੱਕ-ਦੋ ਥਾਵਾਂ ’ਤੇ ਭਾਰੀ ਮੀਂਹ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਇਹ ਵੀ ਕਿਹਾ ਕਿ ਕੋਲਕਾਤਾ, ਹਾਵੜਾ, ਹੁਗਲੀ, ਉੱਤਰੀ 24 ਪਰਗਨਾ, ਪੁਰੂਲੀਆ ਅਤੇ ਬਾਂਕੁੜਾ ਜ਼ਿਲ੍ਹਿਆਂ ਵਿੱਚ 24 ਅਤੇ 25 ਅਕਤੂਬਰ ਨੂੰ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

## ਇਜ਼ਰਾਈਲ ਅਤੇ ਅਮਰੀਕਾ ਵਲੋਂ ਅਲਰਟ ਦੱਖਣੀ ਸ਼੍ਰੀਲੰਕਾ ਦੇ ਕੁਝ ਸੈਰ-ਸਪਾਟਾ ਖੇਤਰਾਂ ਵਿਚ ਹੋ ਸਕਦਾ ਅੱਤਵਾਦੀ ਹਮਲਾ

### ਅਰੁਗਮ ਖਾੜੀ ਅਤੇ ਬੀਚਾਂ ਤੇ ਜਾਣ ਤੋਂ ਬਚਣ ਦੀ ਸਲਾਹ



**ਨਵੀਂ ਦਿੱਲੀ 23 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**- ਇਜ਼ਰਾਈਲ ਦੀ ਰਾਸ਼ਟਰੀ ਸੁਰੱਖਿਆ ਪਰਿਸ਼ਦ ਨੇ ਬੁੱਧਵਾਰ ਨੂੰ ਇਜ਼ਰਾਈਲੀਆਂ ਨੂੰ ਸੰਭਾਵਿਤ ਅੱਤਵਾਦੀ ਹਮਲੇ ਦੇ ਖਤਰੇ ਦੇ ਮੱਦੇਨਜ਼ਰ ਦੱਖਣੀ ਸ਼੍ਰੀਲੰਕਾ ਦੇ ਕੁਝ ਸੈਰ-ਸਪਾਟਾ ਖੇਤਰਾਂ ਨੂੰ ਤੁਰੰਤ ਛੱਡਣ ਲਈ ਕਿਹਾ ਹੈ। ਏਜੰਸੀ ਨੇ ਕਿਹਾ ਕਿ ਚੇਤਾਵਨੀ ਸ਼੍ਰੀਲੰਕਾ ਦੇ ਦੱਖਣ ਅਤੇ ਪੱਛਮ ਵਿੱਚ ਅਰੁਗਮ ਖਾੜੀ ਅਤੇ ਬੀਚਾਂ ਦੇ ਖੇਤਰ ਨਾਲ ਸਬੰਧਤ ਹੈ, ਅਤੇ “ਸੈਰ-ਸਪਾਟਾ ਖੇਤਰਾਂ ਅਤੇ ਬੀਚਾਂ ’ਤੇ ਕੇਂਦ੍ਰਿਤ ਅੱਤਵਾਦੀ ਖ਼ਤਰੇ ਬਾਰੇ ਮੌਜੂਦਾ ਜਾਣਕਾਰੀ” ਤੋਂ ਉਪਜੀ ਹੈ। ਸੁਰੱਖਿਆ ਪ੍ਰੀਸ਼ਦ ਨੇ ਖ਼ਤਰੇ ਦੀ ਸਹੀ ਪ੍ਰਕਿਰਤੀ ਨੂੰ ਸਪੱਸ਼ਟ ਨਹੀਂ ਕੀਤਾ ਅਤੇ ਸ੍ਰੀਲੰਕਾ ਦੇ ਬਾਕੀ ਹਿੱਸਿਆਂ ਵਿੱਚ ਇਜ਼ਰਾਈਲੀਆਂ ਨੂੰ ਸਾਵਧਾਨ ਰਹਿਣ ਅਤੇ ਜਨਤਕ ਖੇਤਰਾਂ ਵਿੱਚ ਵੱਡੇ ਇਕੱਠ ਕਰਨ ਤੋਂ ਗੁਰੇਜ਼ ਕਰਨ ਲਈ ਕਿਹਾ। ਸ਼੍ਰੀਲੰਕਾ ਵਿੱਚ ਅਮਰੀਕੀ ਦੂਤਾਵਾਸ ਨੇ ਇੱਕ ਸੁਰੱਖਿਆ ਚੇਤਾਵਨੀ ਵੀ ਜਾਰੀ ਕੀਤੀ ਜਿਸ ਵਿੱਚ ਕਿਹਾ ਗਿਆ ਸੀ ਕਿ ਉਸਨੂੰ “ਅਰੁਗਮ ਬੇ ਖੇਤਰ ਵਿੱਚ ਪ੍ਰਸਿੱਧ ਸੈਲਾਨੀ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਹਮਲੇ ਦੀ ਭਰੋਸੇਯੋਗ ਸੂਚਨਾ ਚੇਤਾਵਨੀ” ਮਿਲੀ ਹੈ ਇਸ ਲਈ ਅਮਰੀਕੀ ਨਾਗਰਿਕਾਂ ਨੂੰ ਅਗਲੇ ਨੋਟਿਸ ਤੱਕ ਅਰੁਗਮ ਖਾੜੀ ਖੇਤਰ ਤੋਂ ਬਚਣ ਲਈ ਜ਼ੋਰਦਾਰ ਅਪੀਲ ਕੀਤੀ ਜਾਂਦੀ ਹੈ। ਕੋਲੰਬੋ ਵਿੱਚ ਪੁਲਿਸ ਬੁਲਾਰੇ ਨਿਹਾਲ ਥਲਦੁਵਾ ਨੇ ਕਿਹਾ ਕਿ ਵੱਖ ਵੱਖ ਦੇਸ਼ਾਂ ਤੋਂ ਮਿਲ ਰਹੇ ਅਲਰਟ ਮਗਰੋਂ ਇਸ ਖੇਤਰ ਵਿੱਚ ਪੁਲਿਸ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਅਧਿਕਾਰੀ ਹਾਈ ਅਲਰਟ ’ਤੇ ਹਨ। ਉਨ੍ਹਾਂ ਦਸਿਆ ਕਿ ਇਹ ਖੇਤਰ ਸਰਫਿੰਗ ਲਈ ਇੱਕ ਪ੍ਰਸਿੱਧ ਸਥਾਨ ਹੈ ਅਤੇ ਇਸ ਨੇ ਵੱਡੀ ਗਿਣਤੀ ਵਿੱਚ ਇਜ਼ਰਾਈਲੀ ਸਮੇਤ ਹੋਰ ਦੇਸ਼ਾਂ ਦੇ ਸੈਲਾਨੀਆਂ ਨੂੰ ਆਕਰਸ਼ਿਤ ਕੀਤਾ ਹੈ। ਇਸ ਲਈ ਅਸੀਂ ਇਹ ਯਕੀਨੀ ਬਣਾਉਣ ਲਈ ਕੰਮ ਕਰ ਰਹੇ ਹਾਂ ਕਿ ਉਹ ਸੁਰੱਖਿਅਤ ਰਹਿਣ ।

## ਪੰਜਾਬ ’ਚ ਜ਼ਿਮਨੀ ਚੋਣਾਂ ਲਈ ਕਾਂਗਰਸ ਦੀ ਲਿਸਟ ਜਾਰੀ, 2 ਸੀਟਾਂ ’ਤੇ ਸੰਸਦਾਂ ਦੀ ਪਤਨੀਆਂ ਨੂੰ ਉਤਾਰਿਆ ਮੈਦਾਨ ’ਚ

**ਚੰਡੀਗੜ੍ਹ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀਆਂ 4 ਵਿਧਾਨ ਸਭਾ ਸੀਟਾਂ ’ਤੇ ਹੋਣ ਵਾਲੀਆਂ ਜ਼ਿਮਨੀ ਚੋਣਾਂ ਲਈ ਕਾਂਗਰਸ ਨੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ। ਕਾਂਗਰਸ ਨੇ ਆਪਣੀ ਸੂਚੀ ਵਿਚ ਦੋ ਸੀਟਾਂ ’ਤੇ ਆਪਣੇ ਪੁਰਾਣੇ ਵਿਧਾਇਕਾਂ, ਜੋ ਸੰਸਦ ਮੈਂਬਰ ਬਣ ਚੁੱਕੇ ਹਨ, ਦੀਆਂ ਪਤਨੀਆਂ ਨੂੰ ਮੈਦਾਨ ਵਿਚ ਉਤਾਰਿਆ ਹੈ। ਇਸ ਦੇ ਨਾਲ ਹੀ ਦੋ ਸੀਟਾਂ ’ਤੇ ਨਵੇਂ ਚਿਹਰੇ ਮੈਦਾਨ ’ਚ ਹਨ। ਦਰਅਸਲ, ਗਿੱਦੜਬਾਹਾ ਤੋਂ ਪਹਿਲਾਂ ਅਮਰਿੰਦਰ ਸਿੰਘ ਰਾਜਾ ਵੜਿੰਗ ਵਿਧਾਇਕ ਸਨ। ਉਨ੍ਹਾਂ ਨੇ ਲੋਕ ਸਭਾ ਚੋਣਾਂ ਜਿੱਤਣ ਤੋਂ ਬਾਅਦ ਆਪਣੀ ਸੀਟ ਛੱਡ ਦਿੱਤੀ ਸੀ। ਹੁਣ ਕਾਂਗਰਸ ਨੇ ਉਨ੍ਹਾਂ ਦੀ ਪਤਨੀ ਅੰਮ੍ਰਿਤਾ ਵੜਿੰਗ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਇਸ ਤੋਂ ਪਹਿਲਾਂ ਸੁਖਜਿੰਦਰ ਰੰਧਾਵਾ ਖੁਦ ਡੇਰਾ ਬਾਬਾ ਨਾਨਕ ਸੀਟ ਤੋਂ ਵਿਧਾਇਕ ਸਨ। ਉਨ੍ਹਾਂ ਨੇ ਸੰਸਦ ਮੈਂਬਰ ਬਣਨ ਤੋਂ ਬਾਅਦ ਆਪਣਾ ਅਹੁਦਾ ਛੱਡ ਦਿੱਤਾ ਸੀ। ਹੁਣ ਕਾਂਗਰਸ ਨੇ ਜ਼ਿਮਨੀ ਚੋਣਾਂ ਵਿੱਚ ਉਨ੍ਹਾਂ ਦੀ ਪਤਨੀ ਜਤਿੰਦਰ ਕੌਰ ਨੂੰ ਟਿਕਟ ਦਿੱਤੀ ਹੈ। ਕਾਂਗਰਸ ਨੇ ਬਰਨਾਲਾ ਤੋਂ ਕੁਲਦੀਪ ਸਿੰਘ ਉਰਫ਼ ਕਾਲਾ ਢਿੱਲੋਂ ਨੂੰ ਉਮੀਦਵਾਰ ਬਣਾਇਆ ਹੈ। ਕਾਲਾ ਢਿੱਲੋਂ ਲੰਬੇ ਸਮੇਂ ਤੋਂ ਇਲਾਕੇ ਵਿੱਚ ਕਾਂਗਰਸ ਲਈ ਕੰਮ ਕਰ ਰਹੇ ਹਨ। ਇਸ ਸਮੇਂ ਉਹ ਬਰਨਾਲਾ ਕਾਂਗਰਸ ਦੇ ਪ੍ਰਧਾਨ ਵਜੋਂ ਸੇਵਾ ਨਿਭਾਅ ਰਹੇ ਸਨ। ਸੂਬਾ ਕਾਂਗਰਸ ਵਿੱਚ ਉਨ੍ਹਾਂ ਦਾ ਚੰਗਾ ਪ੍ਰਭਾਵ ਹੈ। ਜਦਕਿ ਚੱਬੇਵਾਲ ਤੋਂ ਕਾਂਗਰਸ ਨੇ ਰਣਜੀਤ ਸਿੰਘ ਨੂੰ ਟਿਕਟ ਦਿੱਤੀ ਹੈ। ਪੇਸ਼ੇ ਤੋਂ ਵਕੀਲ ਰਣਜੀਤ ਕੁਮਾਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਹਨ। ਰਣਜੀਤ ਨੇ ਬਸਪਾ ਦੀ ਟਿਕਟ ’ਤੇ ਵਿਧਾਨ ਸਭਾ ਚੋਣ ਲੜੀ ਸੀ। ਰਣਜੀਤ ਕਰੀਬ ਇੱਕ ਹਫ਼ਤਾ ਪਹਿਲਾਂ ਚੰਡੀਗੜ੍ਹ ਵਿੱਚ ਸਾਬਕਾ ਮੰਤਰੀ ਸੁੰਦਰ ਸ਼ਿਆਮ ਅਰੋੜਾ ਰਾਹੀਂ ਗੁਪਤ ਰੂਪ ਵਿੱਚ ਕਾਂਗਰਸ ਵਿੱਚ ਸ਼ਾਮਲ ਹੋ ਗਏ ਸਨ। ਦੱਸ ਦੇਈਏ ਕਿ 45 ਸਾਲਾਂ ਅੰਮ੍ਰਿਤਾ ਵੜਿੰਗ ਪਹਿਲੀ ਵਾਰ ਰਾਜਨੀਤੀ ’ਚ ਕਦਮ ਰੱਖਣ ਵਾਲੇ ਹਨ। ਹਾਲਾਂਕਿ ਉਨ੍ਹਾਂ ਨੇ ਆਪਣੇ ਪਤੀ ਅਤੇ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵਾਂਗ ਪਹਿਲਾਂ ਹੀ ਲੋਕਾਂ ਵਿਚਾਲੇ ਵੱਖਰਾ ਸਥਾਨ ਬਣਾ ਲਿਆ ਹੈ। ਅੰਮ੍ਰਿਤਾ ਦੇ ਪਹਿਲਾਂ ਬਠਿੰਡਾ ਤੋਂ ਲੋਕ ਸਭਾ ਚੋਣ ਲੜਨ ਦੀ ਉਮੀਦ ਸੀ, ਪਰ ਪਾਰਟੀ ਨੇ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਨੂੰ ਮੈਦਾਨ ਵਿੱਚ ਉਤਾਰਿਆ। ਪਰ ਹੁਣ ਉਹ ਗਿੱਦੜਬਾਹਾ ਤੋਂ ਚੋਣ ਲੜਨਗੇ। ਅੰਮ੍ਰਿਤਾ ਵੜਿੰਗ ਦੀ ਗੱਲ ਕਰਿਏ ਤਾਂ ਉਹ ਆਸਰਾ ਫਾਊਂਡੇਸ਼ਨ ਦੇ ਸੰਸਥਾਪਕ ਹਨ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar

www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
Enjoy Real Taste of PUNJAB
PURE AND NATURAL 100% VEGETARIAN
KD
FULLY A.C. HALL
**Khehra VAISHNO DHABA**
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



## ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖ਼ਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ
AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 28ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
## (ਬੱਬਰਾਂ ਦੇ ਹਾਈ ਕੋਰਟ)

**ਮਿਤੀ 3 ਨਵੰਬਰ 2024, ਦਿਨ ਐਤਵਾਰ**
ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਵਿਸ਼ੇਸ਼ ਤੌਰ 'ਤੇ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਇਤਿਹਾਸ ਸੰਗਤਾਂ ਨੂੰ ਸਰਵਣ ਕਰਵਾਉਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਭਾਰਤ ਅਤੇ ਯੂ. ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।**

## ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ

**1 ਨਵੰਬਰ 2024 ਦਿਨ ਸ਼ੁੱਕਰਵਾਰ**
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ 10.00 ਵਜੇ ਸਵੇਰੇ
**3 ਨਵੰਬਰ 2024 ਦਿਨ ਐਤਵਾਰ ਨੂੰ**
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ 10.00 ਵਜੇ ਸਵੇਰੇ

ਆਵਾਜ਼ਿ ਕੌਮ AWAZE QAUM International Newspaper & WEB TV

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤੱਕ ਦੀਵਾਨ ਸਜਣਗੇ।



--✶ ਬੇਨਤੀ ਕਰਤਾ ✶--
## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂਵਾਲੇ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ
ਪ੍ਰਧਾਨ ਸੰਤ ਸਮਾਜ ਭਾਈ ਲਾਲੋ ਜੀ
ਮੁੱਖ ਬੁਲਾਰਾ ਸੰਤ ਸਮਾਜ ਇੰਟਰਨੈਸ਼ਨਲ ਪੰਥਕ ਦਲ
ਮੋ.: 98141-27470, 73408-35137




# ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਦਾ ਸ਼ਹੀਦੀ ਦਿਹਾੜਾ 26 ਅਕਤੂਬਰ ਨੂੰ - ਜੱਥਾ ਠੀਕਰੀਵਾਲ

ਸਿੱਖ ਕੌਮ ਦੀ ਆਜ਼ਾਦੀ ਦੀ ਲੜਾਈ ਵਿੱਚ ਹਜ਼ਾਰਾਂ ਯੋਧਿਆਂ ਨੇ ਸ਼ਹਾਦਤ ਦਿੱਤੀ ਇੱਕ ਸੰਘਰਸ਼ ਵਿੱਚ ਅਮਰ ਸ਼ਹੀਦ ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਦਾ ਅਹਿਮ ਕਿਰਦਾਰ ਹੈ ਓਨਾ ਦਾ ਸ਼ਹੀਦੀ ਦਿਹਾੜਾ ਸ਼ਹਾਦਤ 26 ਅਕਤੂਬਰ ਨੂੰ ਓਨਾ ਦੇ ਜੱਦੀ ਪਿੰਡ ਪੰਜੋਲਾਂ ਜਿਲ੍ਹਾ ਰੋਪੜ ਵਿਖ਼ੇ ਮਨਾਇਆ ਜਾ ਰਿਹਾ ਹੈ, ਇਹ ਜਾਣਕਾਰੀ ਜੱਥਾ ਠੀਕਰੀਵਾਲ ਦੇ ਮੁੱਖੀ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਦਿੱਤੀ

ਭਾਈ ਠੀਕਰੀਵਾਲ ਨੇ ਦੱਸਿਆ ਭਾਈ ਬਾਰਾ ਜੀ ਤਕਰੀਬਨ 32 ਸਾਲ ਪਹਿਲਾ ਸ਼ਹੀਦ ਹੋਏ ਸਨ ਪਰ ਕਦੇ ਵੀ ਓਨਾ ਦਾ ਸ਼ਹੀਦੀ ਦਿਹਾੜਾ ਨਹੀਂ ਮਨਾਇਆ ਗਿਆ ,ਅਸੀਂ ਸ਼ਹੀਦ ਪਰਿਵਾਰ ,ਨਗਰ ਨਿਵਾਸੀ ਅਤੇ ਨੌਜਵਾਨ ਸਭਾ ਪੰਜੋਲਾਂ ਦਾ ਸਹਿਯੋਗ ਸਦਕਾ ਪਹਿਲੀ ਵਾਰ ਸ਼ਹੀਦੀ ਸਮਾਗਮ ਕਰ ਰਹੇ ਹਾ ਇਸ ਸਮਾਗਮ ਵਿੱਚ ਪੰਥ ਪ੍ਰਸਿੱਧ ਢਾਡੀ ਜੱਥਾ ਸਰਪੰਚ ਨਾਥ ਸਿੰਘ ਹਮੀਦੀ ਦਾ ਢਾਢੀ ਜੱਥਾ ਸਿੰਘਾਂ ਸ਼ਹੀਦਾਂ ਦਾ ਇਤਿਹਾਸ ਸੁਣਾ ਕੇ ਨਿਹਾਲ ਕਰੇਗਾ ਭਾਈ ਪਾਰਸ ਸਿੰਘ ਸੁਲਤਾਨਵਿੰਡ ਦਾ ਜੱਥਾ ਗਤਕੇ ਦੇ ਜੌਹਰ ਦਿਖਾਏ ਗਾ ,24 ਤਰੀਕ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਹੋਣਗੇ ਭਾਈ ਰਵਿੰਦਰ ਪਾਲ ਸਿੰਘ ਸਤਿਕਾਰ ਕਮੇਟੀ ਵਾਲੇ ਜੱਥੇ ਸਮੇਤ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਉਣਗੇ , ਸਿੱਖ ਸੰਘਰਸ ਦੀਆ ਅਹਿਮ ਸਖਸੀਅਤਾ ਭਾਈ ਪਰਮਜੀਤ ਸਿੰਘ ਮੰਡ ਦਲ ਖਾਲਸਾ, ਭਾਈ ਕਰਨੈਲ ਸਿੰਘ ਪੰਜੋਲੀ ,ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ,ਭਾਈ ਸੁਰਿੰਦਰ ਸਿੰਘ ਕਿਸਨਪੁਰਾ , ਭਾਈ ਹਰਨੇਕ ਸਿੰਘ ਫੌਜੀ ਮੁੱਖੀ ਵਾਰਿਸ ਪੰਜਾਬ ਦੇ , ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ , ਭਾਈ ਗੁਰਦੀਪ ਸਿੰਘ ਨੌਂ ਲੱਖਾ ਦਮਦਮੀ ਟਕਸਾਲ ਆਦਿਕ ਸਿੰਘਾਂ ਸ਼ਹੀਦਾਂ ਨੂੰ ਸਰਧਾ ਦੇ ਫੁੱਲ ਭੇਟ ਕਰਨਗੀਆਂ, ਗੁਰੂ ਕਾ ਲੰਗਰ ਅਟੁੱਟ ਵਰਤੇਗਾ ਜੀ , ਸਮੂਹ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤ ਨੂੰ ਹਾਜ਼ਰੀਆ ਭਰਨ ਦੀ ਬੇਨਤੀ ਕੀਤੀ ਜਾਂਦੀ ਹੈ  ਇਸ ਸਮਾਗਮ ਵਿੱਚ ਭਾਈ ਗੁਰਜੰਟ ਸਿੰਘ ਨਾਗੋਕੇ ਦਮਦਮੀ ਟਕਸਾਲ ਯੂ ਐਸ ਏ, ਭਾਈ ਕੁਲਦੀਪ ਸਿੰਘ ਨਾਗੋਕੇ ਯੂ ਐਸ ਏ ,ਭਾਈ ਸੁਖਬੀਰ ਸਿੰਘ ਆਸਟ੍ਰੇਲੀਆ ਅਹਿਮ ਯੋਗਦਾਨ ਹੈ , ਜੱਥਾ ਠੀਕਰੀਵਾਲ ਵੱਲੋ ਕਰਵਾਏ ਜਾ ਰਹੇ ਸਮਾਗਮ ਦੇ ਵਿੱਚ ਸਟੇਜ ਸਕੱਤਰ ਦੀ ਅਹਿਮ ਜਿੰਮੇਵਾਰੀ  ਸਿੱਖ ਆਗੂ ਬਾਬਾ ਬਖਸੀਸ ਸਿੰਘ ਜੀ ਨਿਭਾਉਣਗੇ ਜਿਕਰਯੋਗ ਹੈ ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਜੀ ਦੀ ਸਪੁੱਤਰੀ ਬੀਬੀ ਕਿਰਨਜੀਤ ਕੌਰ ਪੰਥ ਪ੍ਰਸਿੱਧ ਢਾਡੀ ਹਨ।


ਸੇਵਕ ਕੀ ਓੜਕਿ ਨਿਬਹੀ ਪ੍ਰੀਤਿ ॥
ਜੀਵਤ ਸਾਹਿਬੁ ਸੇਵਿਓ ਅਪਨਾ ਚਲਤੇ ਰਾਖਿਓ ਚੀਤਿ ॥
ਭੋਗ ਤੇ ਅੰਤਿਮ ਅਰਦਾਸ
ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ
ਭਾਈ ਗੁਰਪ੍ਰੀਤ ਸਿੰਘ ਹਰੀ ਨੌ
ਅਕਾਲ ਪੁਰਖ ਵਲੋ ਬਖਸ਼ੀ ਸੁਆਸਾ ਦੀ ਪੂੰਜੀ ਨੂੰ ਭੋਗਦੇ ਹੋਏ 9 ਅਕਤੂਬਰ 2024 ਨੂੰ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਤੀ ਲਈ ਰੱਖੇ ਗਏ
ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ
ਮਿਤੀ 27 ਅਕਤੂਬਰ 2024, ਦਿਨ ਐਤਵਾਰ ਨੂੰ
ਗੁਰਦੁਆਰਾ ਸਾਹਿਬ ਬਾਬਾ ਭਾਈ ਸਾਂਈ ਦਾਸ ਜੀ, ਪਿੰਡ ਹਰੀ ਨੌ ਵਿਖੇ 1 ਵਜੇ ਹੋਵੇਗੀ।
ਸਮੂਹ ਪੰਥਕ ਜਥੇਬੰਦੀਆਂ, ਦੋਸਤਾਂ ਮਿੱਤਰਾਂ, ਰਿਸ਼ਤੇਦਾਰਾਂ ਨੂੰ ਅੰਤਿਮ ਅਰਦਾਸ ਵਿੱਚ ਪਹੁੰਚਣ ਦੀ ਪੁਰ-ਜ਼ੋਰ ਬੇਨਤੀ ਕੀਤੀ ਜਾਂਦੀ ਹੈ।
ਬੇਨਤੀ ਕਰਤਾ
ਸਮੂਹ ਪਰਿਵਾਰ ਅਤੇ ਰਿਸ਼ਤੇਦਾਰ
+91 90238 24760 | +91 98725 27802
ਅੰਤਿਮ ਅਰਦਾਸ ਉਪਰੰਤ ਭਾਈ ਗੁਰਪ੍ਰੀਤ ਸਿੰਘ ਹਰੀ ਨੌ ਦੀਆਂ ਅਸਥੀਆਂ ਕਾਫਲੇ ਦੇ ਰੂਪ ਵਿੱਚ ਗੁਰਦੁਆਰਾ ਸਾਹਿਬ ਗ੍ਰੀਨ ਐਵਨਿਊ, ਫ਼ਰੀਦਕੋਟ ਵਿਖੇ ਜਲ ਪ੍ਰਵਾਹ ਕੀਤੀਆਂ ਜਾਣਗੀਆਂ।
ਆਵਾਜ਼ਿ ਕੌਮ
AWAZE QAUM
International Newspaper & WEB TV

## ਵਿਦੇਸ਼ਾਂ 'ਚ ਸਿੱਖਾਂ ਦੇ ਹੋ ਰਹੇ ਕਤਲਾਂ ਸਬੰਧੀ

# ਇੰਟਰਨੈਸ਼ਨਲ ਪੰਥਕ ਦਲ ਤੇ ਹੋਰ ਪੰਥਕ ਜਥੇਬੰਦੀਆਂ ਨੇ ਚੰਡੀਗੜ੍ਹ ਵਿਖੇ ਕੀਤੀ ਮੀਟਿੰਗ ਤੇ ਪ੍ਰੈਸ ਕਾਨਫਰੰਸ

## ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ,ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਅਤੇ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ ਤੇ ਹੋਰ ਨੁਮਾਇੰਦੇ ਹੋਏ ਸ਼ਾਮਲ

## ਸਿੱਖ ਮੁੱਦੇ ਉਭਾਰਨ ਲਈ ਪੰਥਕ ਜੱਥੇਬੰਦੀਆਂ ਨੇ ਗੋਵਿੰਦ ਸਿੰਘ ਸੰਧੂ ਨੂੰ ਬਰਨਾਲਾ ਤੋਂ ਸਾਂਝਾ ਉਮੀਦਵਾਰ ਐਲਾਨਿਆ






**ਚੰਡੀਗੜ੍ਹ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਹੋ ਰਹੀਆਂ ਜ਼ਿਮਨੀ ਚੋਣਾਂ ਦੌਰਾਨ ਪੰਥਕ ਮੁੱਦਿਆਂ ਨੂੰ ਉਭਾਰਨ ਲਈ ਵੱਖ-ਵੱਖ ਸਿੱਖ ਜੱਥੇਬੰਦੀਆਂ ਨੇ ਪੰਥਕ ਇਕੱਤਰਤਾ ਕਰਦਿਆਂ ਜੈਕਾਰਿਆਂ ਦੀ ਗੂੰਜ 'ਚ ਭਾਈ ਗੋਵਿੰਦ ਸਿੰਘ ਸੰਧੂ ਨੂੰ ਵਿਧਾਨ ਸਭਾ ਹਲਕਾ ਬਰਨਾਲਾ ਤੋਂ ਸਾਂਝਾ ਉਮੀਦਵਾਰ ਐਲਾਨਿਆ ਹੈ। ਇਸ ਦੇ ਨਾਲ ਹੀ ਮੀਟਿੰਗ ਵਿੱਚ ਐਲਾਨ ਕੀਤਾ ਗਿਆ ਕਿ ਬਾਕੀ ਦੇ ਤਿੰਨ ਹਲਕਿਆਂ ਗਿੱਦੜਵਾਹਾ, ਚੱਬੇਵਾਲ ਅਤੇ ਡੇਰਾ ਬਾਬਾ ਨਾਨਕ ਲਈ ਉਮੀਦਵਾਰਾਂ ਦਾ ਫੈਸਲਾ ਅਗਲੀ ਮੀਟਿੰਗ 'ਚ ਲਿਆ ਜਾਵੇਗਾ ।ਇਕੱਤਰਤਾ 'ਚ ਹਾਜ਼ਰ ਸਮੂਹ ਪੰਥਕ ਧਿਰਾਂ ਦੇ ਨੁਮਾਇੰਦਿਆਂ ਵੱਲੋਂ ਗੋਵਿੰਦ ਸਿੰਘ ਸੰਧੂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਅਪੀਲ ਕੀਤੀ ਗਈ ।ਲੰਬੇ ਸਮੇਂ ਤੋਂ ਲਟਕ ਰਹੇ ਵੱਖ-ਵੱਖ ਪੰਥਕ ਮਸਲਿਆਂ ਦੇ ਹੱਲ ਅਤੇ ਜ਼ਿਮਨੀ ਚੋਣਾਂ 'ਚ ਪੰਥਕ ਧਿਰਾਂ ਦੇ ਉਮੀਦਵਾਰਾਂ ਨੂੰ ਮਜਬੂਤੀ ਨਾਲ ਉਭਾਰਨ ਦੇ ਮੰਤਵ ਨਾਲ ਅੱਜ ਪ੍ਰੈਸ ਕਲੱਬ ਚੰਡੀਗੜ੍ਹ ਵਿਖੇ ਹੋਈ ਪੰਥਕ ਇਕੱਤਰਤਾ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ, ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਅਤੇ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰੇ ਪੰਜਾਬ ਅਕਾਲੀ ਦਲ, ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਸ਼ਹੀਦਾਂ ਦੋਆਬਾ, ਬਾਬਾ ਸਤਨਾਮ ਸਿੰਘ ਵਲੀਆ, ਸਮੇਤ ਵੱਖ-ਵੱਖ ਪੰਥਕ, ਧਾਰਮਿਕ ਅਤੇ ਰਾਜਨੀਤਿਕ ਧਿਰਾਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ । ਇਕੱਤਰਤਾ ਦੌਰਾਨ ਜਿੱਥੇ ਸਿੱਖ ਕੌਮ ਦੇ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਵੱਖ-ਵੱਖ ਮਸਲਿਆਂ ਦਾ ਇਨਸਾਫ ਲੈਣ, ਦੇਸ਼ ਤੇ ਵਿਦੇਸ਼ ਵਿੱਚ ਸਿੱਖ ਆਗੂਆਂ ਦੇ ਕਰਵਾਏ ਜਾ ਰਹੇ ਕਤਲੇਆਮ ਨੂੰ ਰੋਕਣ ਲਈ ਤੇ ਜ਼ਿਮਨੀ ਚੋਣ 'ਚ ਪੰਥਕ ਉਮੀਦਵਾਰਾਂ ਨੂੰ ਜਿਤਾ ਕੇ ਅੰਤਰਰਾਸ਼ਟਰੀ ਪੱਧਰ 'ਤੇ ਸਿੱਖ ਕੌਮ ਦੀ ਆਵਾਜ਼ ਬੁਲੰਦ ਕਰਨ ਲਈ ਵਿਚਾਰ ਚਰਚਾ ਕੀਤੀ ਗਈ, ਉੱਥੇ ਹੀ ਪੰਥਕ ਧਿਰਾਂ ਵੱਲੋਂ ਬਰਨਾਲਾ ਤੋਂ ਸਿਮਰਨਜੀਤ ਸਿੰਘ ਮਾਨ ਦੇ ਦੋਹਤੇ ਅਤੇ ਪਾਰਟੀ ਦੇ ਜਥੇਬੰਦਕ ਸਕੱਤਰ ਗੋਵਿੰਦ ਸਿੰਘ ਸੰਧੂ ਦਾ ਨਾਂਅ ਉਮੀਦਵਾਰ ਵਜੋਂ ਪੇਸ਼ ਕੀਤਾ ਗਿਆ, ਜਿਸ ਨੂੰ ਹਾਜ਼ਰ ਸਮੂਹ ਪੰਥਕ ਧਿਰਾਂ ਦੇ ਨੁਮਾਇੰਦਿਆਂ ਵੱਲੋਂ ਜੈਕਾਰਿਆਂ ਦੀ ਗੂੰਜ 'ਚ ਪ੍ਰਵਾਨਗੀ ਦਿੱਤੀ ਗਈ ।ਪੱਤਰਕਾਰਾਂ ਵੱਲੋਂ ਗੋਵਿੰਦ ਸਿੰਘ ਸੰਧੂ ਦੇ ਪਿਛੋਕੜ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ 'ਚ ਸਿਮਰਨਜੀਤ ਸਿੰਘ ਮਾਨ ਨੇ ਦੱਸਿਆ ਕਿ ਬਰਨਾਲਾ ਵਿਧਾਨ ਸਭਾ ਹਲਕੇ ਤੋਂ ਉਮੀਦਵਾਰ ਐਲਾਨੇ ਗਏ ਗੋਵਿੰਦ ਸਿੰਘ ਸੰਧੂ ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਦੇ ਭਰਾ ਭਾਈ ਕਰਮ ਸਿੰਘ ਦੇ ਨਾਲ ਸਬੰਧਤ ਹਨ, ਜੋ ਆਪਣੀ ਕਹਿਣੀ ਅਤੇ ਕਰਨੀ ਦੇ ਪੱਕੇ ਹਨ ।ਇੱਕ ਚੰਗੇ ਪੰਥਕ ਆਗੂ ਵਾਲੇ ਗੋਵਿੰਦ ਸਿੰਘ ਸੰਧੂ 'ਚ ਸਾਰੇ ਗੁਣ ਹਨ । ਸੰਧੂ ਪਿਛਲੇ ਚਾਰ ਪੰਜ ਸਾਲਾਂ ਤੋਂ ਸੰਗਰੂਰ, ਬਰਨਾਲਾ ਅਤੇ ਮਾਲੇਰਕੋਟਲਾ ਜ਼ਿਲ੍ਹਿਆਂ ਦੇ ਲੋਕਾਂ 'ਚ ਲਗਾਤਾਰ ਵਿਚਰ ਰਹੇ ਹਨ ।ਉਹ ਸਬੰਧਤ ਇਲਾਕੇ ਦੇ ਲੋਕਾਂ ਦੀਆਂ ਦੁੱਖਾਂ ਤਕਲੀਫਾਂ ਤੋਂ ਚੰਗੀ ਤਰ੍ਹਾਂ ਜਾਣੂ ਹੋਣ ਦੇ ਨਾਲ-ਨਾਲ ਉਨ੍ਹਾਂ ਦੇ ਮਸਲੇ ਹੱਲ ਕਰਵਾਉਣ ਦੀ ਸਮਰੱਥਾ ਵੀ ਰੱਖਦੇ ਹਨ ।ਅੱਜ ਦੀ ਇਕੱਤਰਤਾ 'ਚ ਉਪਰੋਕਤ ਆਗੂਆਂ ਤੋਂ ਇਲਾਵਾ ਦਲ ਖਾਲਸਾ ਤੋਂ ਭਾਈ ਪਰਮਜੀਤ ਸਿੰਘ ਮੰਡ, ਕਿਸਾਨ ਵਿੰਗ ਤੋਂ ਬਲਜੀਤ ਸਿੰਘ ਭਾਊ, ਬਾਬਾ ਕੁਲਵਿੰਦਰ ਸਿੰਘ ਨਿਹੰਗ ਸਿੰਘ, ਪਰਵਿੰਦਰ ਸਿੰਘ ਤਲਵਾੜਾ, ਅਜੇਪਾਲ ਸਿੰਘ ਬਰਾੜ ਮਿਸ਼ਨ ਸਤਲੁਜ, ਬਲਬੀਰ ਸਿੰਘ ਕੌਮੀ ਇਨਸਾਫ ਮੋਰਚਾ, ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ, ਵਿਦਿਆਰਥੀ ਜਥੇਬੰਦੀ ਸੱਥ ਤੋਂ ਦਰਸ਼ਪ੍ਰੀਤ ਸਿੰਘ, ਸ਼ਰਨਜੀਤ ਸਿੰਘ ਨਿਹੰਗ ਸਿੰਘ, ਬਾਬਾ ਸਤਨਾਮ ਸਿੰਘ ਨਿਹੰਗ ਸਿੰਘ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਅਤੇ ਹੋਰ ਵੱਖ ਵੱਖ ਪੰਥਕ ਧਿਰਾਂ ਦੇ ਨੁਮਾਇੰਦੇ ਹਾਜ਼ਰ ਸਨ, ਜਿਨ੍ਹਾਂ ਵੱਲੋਂ ਵਿਧਾਨ ਸਭਾ ਹਲਕਾ ਬਰਨਾਲਾ ਤੋਂ ਸ. ਗੋਵਿੰਦ ਸਿੰਘ ਸੰਧੂ ਦੀ ਜਿੱਤ ਯਕੀਨੀ ਬਣਾਉਣ ਦੀ ਅਪੀਲ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# ਕਰਨਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ









**ਕਰਨਾਲ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਚੱਲ ਰਹੇ ਸਿੱਖ ਮਿਸ਼ਨ ਹਰਿਆਣਾ ਕੁਰੂਕਸ਼ੇਤਰ ਵੱਲੋਂ ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਨਿਰਮਲ ਅਸਥਾਨ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਪਿੰਡ ਦਰੜ, ਕਰਨਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਗੁਰਮਤਿ ਸਮਾਗਮ ਵਿੱਚ ਭਾਈ ਕੁਲਦੀਪ ਸਿੰਘ ਖਾਲਸਾ, ਭਾਈ ਬਲਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਵਲੋਂ ਕੀਰਤਨ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਪ੍ਰਚਾਰਕ ਭਾਈ ਮਨਵੀਤ ਸਿੰਘ ਵੱਲੋਂ ਕਥਾ-ਵਿਚਾਰ ਅਤੇ ਭਾਈ ਜਗਦੀਸ਼ ਸਿੰਘ ਵਡਾਲਾ ਦੇ ਢਾਡੀ ਜਥੇ ਵੱਲੋਂ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਧਾਰਮਿਕ ਲਿਟਰੇਚਰ ਦੀ ਪੁਸਤਕ ਪ੍ਰਦਰਸ਼ਨੀ ਲਗਾਈ ਗਈ। ਇਹ ਗੁਰਮਤਿ ਸਮਾਗਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਨਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਹਰਭਜਨ ਸਿੰਘ ਮਸਾਨਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਕਰਵਾਏ ਗਏ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ ਵੱਲੋਂ ਉਚੇਚੇ ਤੌਰ ਉੱਤੇ ਹਾਜ਼ਰੀ ਭਰੀ ਗਈ। ਇਸ ਸਮਾਗਮ ਵਿੱਚ ਸਿੱਖ ਮਿਸ਼ਨ ਹਰਿਆਣਾ ਦੇ ਇੰਚਾਰਜ ਸ. ਸੁਖਵਿੰਦਰ ਸਿੰਘ ਦਾ ਵਿਸ਼ੇਸ਼ ਸਹਿਯੋਗ ਰਿਹਾ। ਸਮਾਗਮਾਂ ਦੌਰਾਨ ਸ. ਗੁਰਲਾਲ ਸਿੰਘ, ਸ. ਸ਼ੇਰ ਸਿੰਘ, ਸ. ਮਲਕੀਤ ਸਿੰਘ ਅਤੇ ਸ. ਬਹਾਦਰ ਸਿੰਘ ਵੱਲੋਂ ਡਿਊਟੀਆਂ ਬਾਖੂਬੀ ਨਿਭਾਈਆਂ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਖਾਲਸਾ ਕਾਲਜ ਮਹਿਤਾ ਵਿਖੇ

# ਕੰਪਿਊਟਰ, ਬੀ.ਕਾਮ ਅਤੇ ਬੀ.ਬੀ.ਏ ਵਿਭਾਗ ਨਾਲ ਸੰਬੰਧਿਤ ਸੈਮੀਨਾਰ ਕਰਵਾਇਆ




**ਚੌਕ ਮਹਿਤਾ, 23 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਵਿਖੇ ਵਿਦਿਆਰਥੀਆਂ ਦੀ ਕੰਪਿਊਟਰ ਵਿੱਚ ਰੁਚੀ ਨੂੰ ਦੇਖਦੇ ਹੋਏ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕਈ ਕੰਪਨੀਆਂ ਦੀਆਂ ਟੀਮਾਂ ਨੇ ਆ ਕੇ ਵਿਦਿਆਰਥੀਆਂ ਨੂੰ ਕੰਪਿਊਟਰ ਦੇ ਖੇਤਰ ਵਿੱਚ ਮਿਲਣ ਵਾਲੀਆਂ ਨੌਕਰੀਆਂ ਬਾਰੇ ਚਾਨਣਾ ਪਾਇਆ। ਇਸ ਖਾਸ ਮੌਕੇ 'ਤੇ 'ਗਰੀਨ ਐਪਲ ਮੀਡੀਆ ਸਲਿਊਸ਼ਨ ਕੰਪਨੀ' ਦੀ ਟੀਮ, ਜੋ ਅੰਮ੍ਰਿਤਸਰ ਵਿੱਚ ਵਿਦਿਆਰਥੀਆਂ ਨੂੰ ਕੰਪਿਊਟਰ ਨਾਲ ਸੰਬੰਧਿਤ ਕੋਰਸ - ਡਿਜੀਟਲ ਮਾਰਕੀਟਿੰਗ, ਵੈਬਸਾਈਟ ਡਿਜ਼ਾਇਨਿੰਗ ਅਤੇ ਡਿਵੈਲਪਮੈਂਟ, ਗ੍ਰਾਫਿਕ ਡਿਜ਼ਾਇਨਿੰਗ, ਵੀਡੀਓ ਐਡੀਟਿੰਗ ਆਦਿ ਦੀ ਸਿਖਲਾਈ ਦਿੰਦੇ ਹਨ। ਵਿਦਿਆਰਥੀਆਂ ਨੂੰ ਉਚੇਚੀ ਸਿੱਖਿਆ ਦੇਣ ਉਪਰੰਤ ਉਹਨਾਂ ਦੀ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਨੌਕਰੀ ਮੁਹਈਆ ਕਰਵਾਉਂਦੇ ਹਨ। ਉਹਨਾਂ ਨੇ ਕਾਲਜ ਦੇ ਕੁਝ ਹੋਣਹਾਰ ਵਿਦਿਆਰਥੀਆਂ ਨੂੰ ਆਪਣੀ ਕੰਪਨੀ ਵਿੱਚ ਕੰਮ ਕਰਨ ਲਈ ਚੁਣਿਆ। ਇਸ ਸੈਮੀਨਾਰ ਵਿੱਚ ਵਿਦਿਆਰਥੀਆਂ ਦਾ ਬੜਾ ਉਤਸ਼ਾਹ ਦੇਖਿਆ ਗਿਆ ਅਤੇ ਉਹਨਾਂ ਨੇ ਅੱਜ ਦੇ ਕੰਪਿਊਟਰ ਯੁੱਗ ਵਿੱਚ ਲੋੜੀਂਦੇ ਕੋਰਸਾਂ ਦਾ ਗਿਆਨ ਹਾਸਲ ਕੀਤਾ। ਇਸ ਤੋਂ ਉਪਰੰਤ ਪ੍ਰਿੰਸੀਪਲ ਸਾਹਿਬਾਨ ਨੇ ਸਾਰੀਆਂ ਟੀਮਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ, ਕੰਪਨੀ ਦੇ ਸੀ.ਈ.ਓ ਗੁਰਸ਼ਰਨ ਸਿੰਘ ਅਠਵਾਲ, ਰਿਸ਼ਬ ਲੂੰਬਾ, ਅੰਜੂ ਧਾਲੀਵਾਲ, ਮਿਹਰ ਬਰਦਵਾਜ, ਸਰਦਾਰ ਹਰਸ਼ਦੀਪ ਸਿੰਘ ਰੰਧਾਵਾ (ਡਾਇਰੈਕਟਰ ਦਸ਼ਮੇਸ਼ ਵਿਦਿਅਕ ਸੰਸਥਾਵਾਂ, ਮੈਂਬਰ ਆਫ ਚੀਫ ਖਾਲਸਾ ਦੀਵਾਨ) ਸੁਖਦੇਵ ਸਿੰਘ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਮਨਜੀਤ ਕੌਰ, ਰੁਪਿੰਦਰ ਕੌਰ, ਗੁਰਵਿੰਦਰ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਪ੍ਰੀਤ ਕੌਰ, ਨਵਨੀਤ ਕੌਰ, ਸੁਖਮਨਪ੍ਰੀਤ ਕੌਰ, ਕੁਲਜੀਤ ਕੌਰ, ਪੂਰਤੀ ਸ਼ਰਮਾ, ਰੇਨੂਕਾ, ਅਤੇ ਕਾਬਲ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਸ਼ਮੇਸ਼ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਨਤੀਜਾ ਧਾਰਮਿਕ ਪ੍ਰੀਖਿਆ 'ਚ ਸ਼ਾਨਦਾਰ ਨਤੀਜਾ



**ਚੌਕ ਮਹਿਤਾ, 22 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 40 ਸਾਲਾਂ ਤੋਂ ਸਰਦਾਰ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਹੇਠ ਚੱਲ ਰਹੇ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ, ਸਕੂਲ ਮਹਿਤਾ ਚੌਂਕ ਦੇ ਵਿਦਿਆਰਥੀਆਂ ਨੇ ਹਰ ਸਾਲ ਕਰਵਾਈ ਜਾਂਦੀ ਧਾਰਮਿਕ ਪ੍ਰੀਖਿਆ ਵਿੱਚ ਸ਼ਾਨਦਾਰ ਨਤੀਜਾ ਹਾਸਿਲ ਕੀਤਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਵੱਲੋਂ ਹਰ ਸਾਲ ਉਚੇਚਾ ਯਤਨ ਕਰਕੇ ਵੱਖ-ਵੱਖ ਸਕੂਲਾਂ ਵਿੱਚ ਧਾਰਮਿਕ ਪ੍ਰੀਖਿਆ ਦਾ ਆਯੋਜਨ ਕੀਤਾ ਜਾਂਦਾ ਹੈ। ਇਹਨਾਂ ਪ੍ਰੀਖਿਆਵਾਂ ਵਿੱਚ ਦਸ਼ਮੇਸ਼ ਪਬਲਿਕ ਸਕੂਲ ਦੇ ਵਿਦਿਆਰਥੀ ਵੱਧ-ਚੜ੍ਹ ਕੇ ਭਾਗ ਲੈਂਦੇ ਹਨ ਅਤੇ ਵਿਸ਼ੇਸ਼ ਇਨਾਮ ਪ੍ਰਾਪਤ ਕਰਦੇ ਆਏ ਹਨ। ਇਸ ਸਾਲ ਵੀ ਵਿਦਿਆਰਥੀਆਂ ਵੱਲੋਂ ਧਾਰਮਿਕ ਪ੍ਰੀਖਿਆ ਵਿੱਚ ਮੱਲ੍ਹਾ ਮਾਰੀਆਂ ਗਈਆਂ ਹਨ ਅਤੇ ਵਜ਼ੀਫ਼ੇ ਪ੍ਰਾਪਤ ਕੀਤੇ ਗਏ ਹਨ। ਕੁੱਲ 08 ਵਿਦਿਆਰਥੀਆਂ ਨੇ ਵਜ਼ੀਫ਼ਾ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦੇ ਮਾਣ-ਸਤਿਕਾਰ ਵਿੱਚ ਵਾਧਾ ਕੀਤਾ ਹੈ। ਇਸ ਤੋਂ ਇਲਾਵਾ 11 ਵਿਦਿਆਰਥੀਆਂ ਨੂੰ ਮੈਡਲ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਹਨਾਂ ਵਿਦਿਆਰਥੀਆਂ ਨੂੰ ਸਾਬਕਾ ਐੱਮ.ਐੱਲ.ਏ. ਸਰਦਾਰ ਬਲਜੀਤ ਸਿੰਘ ਜਲਾਲ ਉਸਮਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਦੇ ਪ੍ਰਚਾਰਕ ਸਰਦਾਰ ਜਸਪਾਲ ਸਿੰਘ ਨੇ ਉਚੇਚੇ ਤੌਰ'ਤੇ ਸਕੂਲ ਪੁੱਜ ਕੇ ਇਨਾਮਾਂ ਨਾਲ ਨਿਵਾਜਿਆ। ਸਕੂਲ ਦੇ ਡਾਇਰੈਕਟਰ ਸਰ ਮਨਪ੍ਰੀਤ ਸਿੰਘ ਟੱਕਰ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਵੀ ਬੱਚਿਆਂ ਦੀ ਹੌਂਸਲਾ ਅਫ਼ਜਾਈ ਕੀਤੀ।ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਸਫ਼ਲ ਹੁੰਦੀ ਦੇਖ ਕੇ ਉਹਨਾਂ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ ਤੇ ਵਿਦਿਆਰਥੀਆਂ ਨੂੰ ਕਿਹਾ ਕਿ ਇਸੇ ਪ੍ਰਕਾਰ ਅਕਾਦਮਿਕ ਵਿੱਦਿਆ ਤੋਂ ਇਲਾਵਾ ਹੋਰਨਾਂ ਖੇਤਰਾਂ ਵਿੱਚ ਵੀ ਇਸੇ ਪ੍ਰਕਾਰ ਅੱਗੇ ਵੱਧਦੇ ਰਹਿਣਾ ਚਾਹੀਦਾ ਹੈ।ਬੱਚਿਆਂ ਦੀ ਹੌਂਸਲਾ ਅਫ਼ਜਾਈ ਸਮੇਂ ਸਰਦਾਰ ਬਲਜੀਤ ਸਿੰਘ ਜਲਾਲਉਸਮਾ, ਪ੍ਰਚਾਰਕ ਸਰਦਾਰ ਜਸਪਾਲ ਸਿੰਘ, ਡਾਇਰੈਕਟਰ ਸਰ ਮਨਪ੍ਰੀਤ ਸਿੰਘ, ਸਰਦਾਰ ਅਵਤਾਰ ਸਿੰਘ ਬੁੱਟਰ ਅਤੇ ਮੈਡਮ ਰਵਿੰਦਰ ਕੌਰ ਮੌਜੂਦ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀ ਮਾਨ ਸਰਕਾਰ ਕਿਸਾਨਾਂ ਦਾ ਮੰਡੀਆਂ 'ਚੋਂ ਝੋਨਾਂ ਚੁੱਕਣ ਚ ਨਾ ਕਾਮਯਾਬ : ਕੇਵਲ ਸਿੰਘ ਢਿੱਲੋਂ



ਬਰਨਾਲਾ ( ਰਣਜੀਤ ਸਿੰਘ ਪੇਧਨੀ ) ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਦੀ ਕਾਰਜਪ੍ਰਣਾਲੀ ਤੋਂ ਪੰਜਾਬ ਦਾ ਹਰ ਵਰਗ ਦੁੱਖੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਹਲਕਾ ਬਰਨਾਲਾ ਤੋਂ ਉਮੀਦਵਾਰ, ਉੱਘੇ ਸਮਾਜ ਸੇਵੀ ਸ, ਕੇਵਲ ਸਿੰਘ ਢਿੱਲੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਗਲਤ ਵਿੱਤ ਪ੍ਰਬੰਧਨ ਦੀ ਪੂਰਾ ਪੰਜਾਬ ਭੇਂਟ ਚੜ੍ਹ ਰਿਹਾ ਹੈ। ਮੁਲਾਜ਼ਮ, ਪੈਨਸ਼ਨਰ ਤੇ ਨੌਕਰੀ ਮੰਗਦੇ ਨੌਜਵਾਨ ਹਰ ਰੋਜ ਸੜਕਾਂ, ਟੈਂਕੀਆਂ ਟਾਵਰਾਂ 'ਤੇ ਧਰਨਾ ਲਗਾ ਰਹੇ ਹਨ ਕਿਸਾਨ ਵੀ ਮਾਨ ਦੀਆਂ ਗਲਤ ਨੀਤੀਆਂ ਦਾ ਨਤੀਜਾ ਭੁਗਤਣ ਨੂੰ ਮਜ਼ਬੂਰ ਹਨ, ਝੋਨੇ ਦੀ ਮੱਠੀ ਖਰੀਦ ਦੇ ਚੱਲਦਿਆਂ ਕਿਸਾਨਾਂ ਦੇ ਤਿਉਹਾਰ ਮੰਡੀਆਂ 'ਚ ਲੰਘ ਰਹੇ ਹਨ। ਸਰਕਾਰ ਸਿਰਫ਼ ਫੋਕੇ ਦਾਅਵੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਦੀ ਭਲਾਈ ਲਈ ਇਸ ਸਰਕਾਰ ਨੇ ਕੱਖ ਨਹੀਂ ਕੀਤਾ। ਵਪਾਰੀ ਤੇ ਬਿਜਨੈੱਸ ਗੁੰਡਾਗਰਦੀ ਅਤੇ ਗੈਂਗਸਟਰਾਂ ਤੋਂ ਤੰਗ ਆਕੇ ਦੂਜੇ ਰਾਜਾਂ ਦਾ ਰੁੱਖ ਕਰ ਰਿਹਾ ਹੈ।ਜਿਸ ਨਾਲ ਪੰਜਾਬ ਦੀ ਡਾਂਵਾਡੋਲ ਆਰਥਿਕਤਾ ਨੂੰ ਹੋਰ ਸੱਟ ਵਜ ਰਹੀ ਹੈ। ਉਨ੍ਹਾਂ ਕਿਹਾ ਕਿ ਚੁਟਕੀਆਂ 'ਚ ਐੱਮ.ਐੱਸ.ਪੀ. ਤੇ ਸ਼ਰਮਾਏ ਦਾ ਪ੍ਰਬੰਧ ਕਰਨ ਦੇ ਦਾਅਵੇ ਕਰਨ ਵਾਲੇ ਹੁਣ ਹਰ ਰੋਜ ਜਨਤਾ 'ਤੇ ਟੈਕਸਾਂ ਦਾ ਭਾਰੀ ਬੋਝ ਪਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿੱਤ ਅਤੇ ਵਿਦੇਸ਼ੀ ਮਾਮਲਿਆਂ ਬਾਰੇ ਸੰਸਦੀ ਸਲਾਹਕਾਰ ਕਮੇਟੀ ਵਿਚ ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਹੋਏ ਮੈਂਬਰ ਨਿਯੁਕਤ



ਨਵੀਂ ਦਿੱਲੀ 23 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੂੰ ਵਿੱਤ ਬਾਰੇ ਸੰਸਦੀ ਸਲਾਹਕਾਰ ਕਮੇਟੀ ਦਾ ਮੈਂਬਰ ਅਤੇ ਵਿਦੇਸ਼ ਮਾਮਲਿਆਂ ਬਾਰੇ ਸੰਸਦੀ ਸਲਾਹਕਾਰ ਕਮੇਟੀ ਦਾ ਵਿਸ਼ੇਸ਼ ਸੱਦੇ 'ਤੇ ਸਥਾਈ ਮੈਂਬਰ ਨਿਯੁਕਤ ਕੀਤਾ ਗਿਆ ਹੈ। ਡਾ: ਸਾਹਨੀ ਵਿਦੇਸ਼ਾਂ ਵਿੱਚ ਫਸੇ ਭਾਰਤੀ ਨਾਗਰਿਕਾਂ ਨੂੰ ਵਾਪਸ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਜਦੋਂ ਤੋਂ ਉਹਨਾ ਸੰਸਦ ਮੈਂਬਰ ਵਜੋਂ ਅਹੁਦਾ ਸੰਭਾਲਿਆ ਹੈ, 150 ਤੋਂ ਵੱਧ ਵਿਅਕਤੀਆਂ ਦੀ ਵਾਪਸੀ ਵਿੱਚ ਸਫਲਤਾਪੂਰਵਕ ਮਦਦ ਕਰ ਚੁੱਕੇ ਹਨ । ਮਾਨਵਤਾਵਾਦੀ ਯਤਨਾਂ ਪ੍ਰਤੀ ਉਹਨਾ ਦੇ ਸਮਰਪਣ ਦੀ ਮਿਸਾਲ 2020 ਵਿੱਚ ਅਫਗਾਨ ਯੁੱਧ ਦੌਰਾਨ ਉਹਨਾ ਦੇ ਪਹਿਲੇ ਕੰਮ ਦੁਆਰਾ ਮਿਲਦੀ ਹੈ, ਜਿੱਥੇ ਉਸ ਨੇ 500 ਤੋਂ ਵੱਧ ਅਫਗਾਨ ਹਿੰਦੂਆਂ ਅਤੇ ਸਿੱਖਾਂ ਨੂੰ ਬਾਹਰ ਕੱਢਣ ਵਿੱਚ ਅਹਿਮ ਭੂਮਿਕਾ ਨਿਭਾਈ ਸੀ। ਡਾਕਟਰ ਸਾਹਨੀ ਆਪਣੇ ਮਾਨਵਵਾਦੀ ਉਪਰਾਲਿਆਂ ਤੋਂ ਇਲਾਵਾ ਪੰਜਾਬ ਦੇ ਵਿੱਤੀ ਸੰਕਟ ਦਾ ਮੁੱਦਾ ਵੀ ਲਗਾਤਾਰ ਉਠਾਉਂਦੇ ਰਹੇ ਹਨ। ਉਹਨਾ ਨੇ ਕੇਂਦਰ ਸਰਕਾਰ ਨੂੰ ਰਾਜ ਲਈ ਲੋੜੀਂਦੇ ਉਪਾਅ ਅਤੇ ਸਹਾਇਤਾ ਪ੍ਰਦਾਨ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਦੇ ਯਤਨਾਂ ਦਾ ਉਦੇਸ਼ ਟਿਕਾਊ ਆਰਥਿਕ ਵਿਕਾਸ ਨੂੰ ਯਕੀਨੀ ਬਣਾਉਣਾ ਅਤੇ ਪੰਜਾਬ ਨੂੰ ਦਰਪੇਸ਼ ਚੁਣੌਤੀਆਂ ਨਾਲ ਨਜਿੱਠਣਾ ਹੈ। ਆਪਣੀ ਨਿਯੁਕਤੀ 'ਤੇ, ਡਾ. ਸਾਹਨੀ ਨੇ ਕਿਹਾ ਕਿ ਉਨ੍ਹਾਂ ਨੂੰ ਇਨ੍ਹਾਂ ਮਹੱਤਵਪੂਰਨ ਕਮੇਟੀਆਂ ਲਈ ਨਿਯੁਕਤ ਕੀਤੇ ਜਾਣ 'ਤੇ ਮਾਣ ਹੈ, ਅਤੇ ਉਹ ਭਾਰਤ ਨੂੰ ਦਰਪੇਸ਼ ਵਿੱਤੀ ਚੁਣੌਤੀਆਂ ਨੂੰ ਹੱਲ ਕਰਨ ਅਤੇ ਸਾਡੇ ਵਿਦੇਸ਼ੀ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਆਪਣੇ ਸਾਥੀ ਮੈਂਬਰਾਂ ਨਾਲ ਕੰਮ ਕਰਨ ਦੀ ਉਮੀਦ ਰੱਖਦੇ ਹਨ ਇਹ ਯਕੀਨੀ ਬਣਾਉਣ ਲਈ ਕਿ ਅਸੀਂ ਦੇਸ਼ ਅਤੇ ਵਿਦੇਸ਼ ਵਿੱਚ ਸਾਰੇ ਭਾਰਤੀਆਂ ਦੇ ਹਿੱਤਾਂ ਦੀ ਸੇਵਾ ਕਰਦੇ ਰਹਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਹਜ਼ੂਰ ਸਾਹਿਬ ਜੀ ਵਿਖੇ ਤਖਤ ਇਸ਼ਨਾਨ, ਦੀਪਮਾਲਾ, ਗੁਰਤਾਗੱਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ

# ਸਮਾਗਮ 31ਅਕਤੂਬਰ ਤੋਂ 7 ਨਵੰਬਰ ਤੱਕ ਵੱਡੇ ਪੱਧਰ 'ਤੇ ਮਨਾਏ ਜਾਣਗੇ

**ਚੌਂਕ ਮਹਿਤਾ, 23 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਜੀ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤਖਤ ਇਸ਼ਨਾਨ



ਦੀਪਮਾਲਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਗੁਰਪੁਰਬ 31 ਅਕਤੂਬਰ 2024 ਤੋਂ 07 ਨਵੰਬਰ 2024 ਤੱਕ ਮਾਨਯੋਗ ਪੰਜਪਿਆਰੇ ਸਾਹਿਬਾਨ,ਸੰਤ ਮਹਾਂਪੁਰਖ,ਸਾਧ-ਸੰਗਤ ਅਤੇ ਗੁਰਦੁਆਰਾ ਸੱਚਖੰਡ ਬੋਰਡ ਦੇ ਮਾਨਯੋਗ ਪ੍ਰਸ਼ਾਸਕ- ਡਾ. ਵਿਜੇ ਸਤਬੀਰ ਸਿੰਘ ਇਨਾਂ ਸਾਰਿਆਂ ਦੇ ਮੁੱਖ ਹਾਜ਼ਰੀ ਵਿੱਚ ਮਿਤੀਆਂ ਤੇ ਪ੍ਰੋਗ੍ਰਾਮ ਅਨੁਸਾਰ ਹੋਵੇਗਾ ਇਸ ਸਮਾਗਮ ਲਈ ਗੁਰਦੁਆਰਾ ਬੋਰਡ ਦੇ ਮਾਨਯੋਗ ਪ੍ਰਸ਼ਾਸਕ ਸਾਹਿਬ ਵੱਲੋਂ ਆਉਣ ਵਾਲੀ ਸਮੂੰਹ ਸਾਧ-ਸੰਗਤ ਮਹਾਪੁਰਸ਼, ਜੱਥੇ ਬੰਦੀਆਂ ਉਨਾ ਸਾਰੀਆ ਲਈ ਸਮਾਗਮ ਸਮੇਂ ਰਿਹਾਈਸ, ਲੰਗਰ, ਪਾਣੀ, ਅਸਪਤਾਲ ਅਤੇ ਹੋਰ ਜ਼ਰੂਰੀ ਸਹੂਲਤਾ ਮੁੱਹਈਆ ਕਰਵਾਉਣ ਲਈ ਗੁਰਦੁਆਰਾ ਬੋਰਡ ਦੇ ਸਮੂਹ ਅਧਿਕਾਰੀ ਅਤੇ ਕਰਮਚਾਰੀਆਂ ਨੂੰ ਵੱਧ ਅਤੇ ਯੋਗ ਪ੍ਰਬੰਧ ਕਰਨ ਲਈ ਸੂਚਨਾਵਾਂ ਦਿੱਤੀ ਗਈ ਹੈ ਤਾਂ ਕਿ ਆਉਣ ਵਾਲੀ ਸਮੁੱਚੀ ਸਾਧ-ਸੰਗਤ ਨੂੰ ਕੋਈ ਮੁਸ਼ਿਕਲ ਪੇਸ਼ ਨਾ ਆਵੇ 31 ਅਕਤੂਬਰ ਨੂੰ ਤਖ਼ਤ ਇਸ਼ਨਾਨ, 1 ਨਵੰਬਰ 2024

ਬੰਦੀ ਛੋੜ ਦਿਵਸ ਦੀਪਮਾਲਾ,

02 ਨਵੰਬਰ ਮਹੱਲਾ ਦੀਪਮਾਲਾ,

03 ਨਵੰਬਰ ਗੁਰਤਾ ਗੱਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਨਗਰ ਕੀਰਤਨ ਅਤੇ ਸ਼ਾਮ 7.30ਵਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਗੁਰਤਾ ਗੱਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਆਰੰਭ,6 ਨਵੰਬਰ ਨੂੰ ਸੱਚਖੰਡ ਗਮਨ ਪਾਤਸ਼ਾਹੀ ਦਸਵੀਂ,7ਨਵੰਬਰ ਨੂੰ ਗੁਰਮਤਿ ਸਮਾਗਮਾ ਦੀ ਸਮਾਪਤੀ ਅਤੇ ਨਗਰ ਕੀਰਤਨ,15 ਨਵੰਬਰ ਨੂੰ ਪ੍ਰਕਾਸ਼ ਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਅਤੇ ਸ਼ਾਮ 4.15 ਵਜੇ ਤੋਂ 4.30 ਵਜੇ ਤੱਕ ਸਿਮਰਨ ਦਿਵਸ ਵਿਸ਼ਵ ਸ਼ਾਂਤੀ ਲਈ ਅਰਦਾਸ ਸਮਾਗਮ ਹੋਵੇਗਾ

**ਸਿਮਰਨ ਦਿਵਸ**-ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਵਿਖੇ ਮਿਤੀ 15 ਨਵੰਬਰ ਨੂੰ ਸਿਮਰਨ ਦਿਵਸ - ਸ਼ਾਮ 04:15 ਤੋਂ 04:30 ਵੱਜੇ ਤਕ ਸਿਮਰਨ ਦਿਵਸ (ਵਿਸ਼ਵ ਸ਼ਾਂਤੀ) ਅਰਦਾਸ ਸਮਾਗਮ ਹੋਵੇਗਾ

ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਮਿਤੀ 15 ਨਵੰਬਰ 2024 ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਧੂਮ-ਧਾਮ ਨਾਲ ਮਨਾਇਆ ਜਾਵੇਗਾ ਇਸ ਨਮਿਤ ਪਰੰਪਰਾਗਤ ਚਲੀ ਆ ਰਹੀ ਰਵਾਇਤ ਅਨੁਸਾਰ ਇਸ ਸਮਾਗਮ ਲਈ ਵਿਸ਼ੇਸ਼ ਤੌਰ ਤੇ ਗੁਰਦੁਆਰਾ ਨਾਨਕਝੀਰਾ ਸਾਹਿਬ ਬਿਦਰ (ਕਰਨਾਟਕਾ) ਵਿਖੇ ਸਮਾਗਮ ਮਨਾਉਣ ਲਈ ਵਿਸ਼ੇਸ਼ ਰੇਲ ਰਾਹੀਂ ਚੌਕੀ ਮਿਤੀ 14 ਨਵੰਬਰ 2024 ਨੂੰ ਸਵੇਰੇ 7.15 ਵਜੇ ਨੂੰ ਹਜ਼ੂਰ ਸਾਹਿਬ ਰੇਲਵੇ ਸਟੇਸ਼ਨ ਤੋਂ ਨਾਨਕਝੀਰਾ ਸਾਹਿਬ ਬਿਦਰ ਲਈ ਰਵਾਨਾ ਹੋਵੇਗੀ ਅਤੇ 15 ਨਵੰਬਰ 2024 ਨੂੰ ਗੁਰੂ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਕੇ ਇਹ ਚੌਕੀ ਮਿਤੀ 16 ਨਵੰਬਰ 2024 ਨੂੰ ਦੁਪਹਿਰ 2.30 ਵਜੇ ਬਿਦਰ ਰੇਲਵੇ ਸਟੇਸ਼ਨ ਤੋਂ ਤਖਤ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ ਹੋਵੇਗੀ ਸਮੂੰਹ ਸਾਧ-ਸੰਗਤ ਨੂੰ ਬੇਨਤੀ ਹੈ ਕਿ, ਇਨਾਂ ਸਾਰੀਆ ਧਾਰਮਿਕ ਸਮਾਗਮਾਂ ਵਿੱਚ ਦਰਸ਼ਨ ਦੇ ਕੇ ਗੁਰੂ ਸਾਹਿਬ ਜੀ ਦੀਆ ਖੁਸ਼ੀਆਂ ਪ੍ਰਾਪਤ ਕਰੋ ਜੀ।

ਇਤਿਹਾਸਕ ਪਿੰਡ ਹਠੂਰ ਦੇ ਨਵੇਂ ਚੁਣੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕੀਤਾ ਧੰਨਵਾਦੀ ਦੌਰਾ

# ਲੋਕਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਓ ਪਾ ਕੇ ਕੀਤਾ ਸਨਮਾਨਿਤ





ਜਗਰਾਉਂ - (ਵਰਿਆਮ ਹਠੂਰ) ਪੰਚਾਇਤੀ ਚੋਣਾਂ ਵਿੱਚ ਇਤਿਹਾਸਕ ਕਸਬਾ ਹਠੂਰ ਦੇ ਨਵੇਂ ਚੁਣੇ ਗਏ ਨੌਜਵਾਨ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ, ਨਗਰ ਦੇ ਲੋਕਾਂ ਵੱਲੋਂ ਵੱਡਾ ਵਿਸ਼ਵਾਸ ਕਰਕੇ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਦੇ ਕੇ ਜਿਤਾਉਣ ਲਈ ਅਤੇ ਨਗਰ ਦੀ ਸੇਵਾ ਕਰਨ ਦਾ ਮੌਕਾ ਦੇਣ ਲਈ ਲੋਕਾਂ ਦਾ ਸਪੈਸ਼ਲ ਧੰਨਵਾਦ ਕਰਨ ਲਈ ਪਿੰਡ ਵਿੱਚ ਧੰਨਵਾਦੀ ਦੌਰਾ ਕੀਤਾ, ਵੱਖ ਵੱਖ ਥਾਵਾਂ ਤੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੂੰ ਨਗਰ ਦੇ ਲੋਕਾਂ ਵੱਲੋਂ ਮਾਣ ਸਨਮਾਨ ਬਖਸ਼ਿਆ ਤੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਮੇਰੇ ਇਤਿਹਾਸਕ ਪਿੰਡ ਹਠੂਰ ਦੇ ਲੋਕਾਂ ਨੇ ਮੇਰੇ ਤੇ ਵੱਡਾ ਵਿਸ਼ਵਾਸ ਕਰਕੇ ਮੈਨੂੰ ਨਗਰ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਤੇ ਮੈਨੂੰ ਹੱਦੋ ਵੱਧ ਪਿਆਰ ਬਖਸ਼ਿਆ, ਧੰਨਵਾਦੀ ਦੌਰਾ ਕਰਨ ਲਈ ਜਦੋਂ ਮੈਂ ਨਗਰ ਵਿੱਚ ਗਿਆ ਤਾਂ ਨਗਰ ਦੇ ਲੋਕਾਂ ਵੱਲੋਂ ਦਿੱਤੇ ਜਾ ਰਹੇ ਇੰਨੇਂ ਮਾਣ ਸਨਮਾਨ ਲਈ ਮੈਂ ਹਮੇਸ਼ਾ ਕਰਜ਼ਦਾਰ ਰਹਾਂਗਾ, ਤੇ ਮੇਰੇ ਕੋਲ ਕੋਈ ਸ਼ਬਦ ਨਹੀਂ ਜਿੰਨ੍ਹਾਂ ਨਾਲ ਮੈਂ ਨਗਰ ਦੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਧੰਨਵਾਦ ਕਰ ਸਕਾਂ, ਨਗਰ ਦੇ ਲੋਕ ਬਾਗੋ਼ ਬਾਗ. ਹਨ। ਤੇ ਜਿਸ ਤਰ੍ਹਾਂ ਲੋਕਾਂ ਨੇ ਮੇਰੇ ਤੇ ਵਿਸ਼ਵਾਸ ਕਰਕੇ ਮੈਨੂੰ ਮਾਣ ਬਖ਼ਿਸ਼ਆ ਮੈਂ ਵੀ ਨਗਰ ਦੇ ਲੋਕਾਂ ਦੀਆਂ ਆਸਾਂ ਤੇ ਉਮੀਦਾਂ ਉੱਪਰ ਖ਼ਰਾ ਉੱਤਰਾਂਗਾ, ਤੇ ਨਗਰ ਦਾ ਚੁੰਹ ਤਰਫ਼ਾਂ ਵਿਕਾਸ ਕਰਵਾਉਣ ਲਈ ਸਮੁੱਚੀ ਪੰਚਾਇਤ ਨਾਲ ਮਿਲ ਕੇ ਕੰਮ ਕਰਾਂਗਾ, ਜੋ ਵੀ ਨਗਰ ਦੀਆਂ ਸਮੱਸਿਆਂਵਾਂ ਹਨ ਉਨ੍ਹਾਂ ਨੂੰ ਹੱਲ ਕਰਨ ਲਈ ਸਮੁੱਚੀ ਪੰਚਾਇਤ ਨਗਰ ਦੇ ਸਹਿਯੋਗ ਨਾਲ ਕੰਮ ਕਰੇਗੀ। ਇਸ ਮੌਕੇ ਗੱਲਬਾਤ ਕਰਦਿਆਂ ਨੌਜਵਾਨ ਦੁੱਲਾ ਯੂ ਐੱਸ ਏ ਨੇ ਕਿਹਾ ਕਿ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਯਾਰਾਂ ਦਾ ਯਾਰ ਮਿਲਣਸਾਰ, ਅਤੇ ਮਿਲਾਪੜੇ ਸੁਭਾਅ ਦਾ ਮਾਲਕ ਹੈ। ਜਿਸ ਨੇ ਜਿੱਥੇ ਨਗਰ ਵਿੱਚ ਪਿਛਲੇ ਤਕਰੀਬਨ ਸਤਾਰਾਂ ਅਠਾਰਾਂ ਸਾਲਾਂ ਤੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਨਗਰ ਨਿਵਾਸੀਆਂ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਹਾਕੀ, ਫੁੱਟਬਾਲ, ਬਾਲੀਵਾਲ ਦੇ ਸਲਾਨਾ ਟੂਰਨਾਮੈਂਟ ਕਰਵਾ ਰਿਹਾ ਹੈ।ਤੇ ਪੰਚਾਇਤ ਮੈਂਬਰ ਵਜੋਂ ਵੀ ਵਧੀਆ ਸੇਵਾਵਾਂ ਨਿਭਾ ਚੁੱਕਾ ਹੈ। ਸਾਨੂੰ ਸਾਰਿਆਂ ਨੂੰ ਮਾਣ ਹੈ ਕਿ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਨਗਰ ਲਈ ਕੁਝ ਚੰਗਾ ਕਰੇਗਾ ਜੋ ਕਾਬਲ ਏ ਤਰੀਫ਼ ਹੋਵੇਗਾ, ਇਸ ਮੌਕੇ ਹਾਕੀ ਕੋਚ ਪ੍ਰੀਤਮ ਸਿੰਘ ਹਠੂਰ, ਕੋਚ ਰੇਸ਼ਮ ਸਿੰਘ ਪਾਲ, ਪ੍ਰਗਟ ਸਿੰਘ ਬੱਗਾ, ਦੁੱਲਾ ਯੂ ਐੱਸ ਏ, ਸਾਬਕਾ ਪੰਚ ਮੁਨੀਸ਼ ਜੋਸ਼ੀ ਬੰਟੀ, ਕਮਲਜੀਤ ਸਿੰਘ ਧਾਲੀਵਾਲ, ਗੋਰਾ ਹਠੂਰ, ਜਸਵਿੰਦਰ ਕੌਰ, ਸਾਬਕਾ ਪੰਚ ਅਮਨਪ੍ਰੀਤ ਸਿੰਘ ਫਰਵਾਹਾ, ਪੰਚ ਯੋਧਾ ਹਠੂਰ, ਦੇਸਰਾਜ ਸਿੰਘ ਖਾਲਸਾ, ਪੰਚ ਪਾਲਾ ਸਿੰਘ, ਬਲਵੀਰ ਸਿੰਘ ਬੁੱਟਰ, ਸਮੇਤ ਅਨੇਕਾਂ ਨੌਜਵਾਨ ਅਤੇ ਪਤਵੰਤੇ ਸੱਜਣ ਹਾਜ਼ਰ ਸਨ।



## ਵਲਟੋਹਾ ਨੂੰ ਪਾਰਟੀ ਵਿਚੋਂ ਨਾ ਕੱਢਣ ਲਈ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਤੇ ਕੋਰ ਕਮੇਟੀ ਮੈਂਬਰਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰ ਕੇ ਤਨਖਾਹ ਲਗਾਈ ਜਾਵੇ: ਕਾਲਕਾ/ਕਾਹਲੋਂ



**ਨਵੀਂ ਦਿੱਲੀ, 23 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਅਪੀਲ ਕੀਤੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਵਿਰਸਾ ਸਿੰਘ ਵਲਟੋਹਾ ਨੂੰ ਪਾਰਟੀ ਵਿਚੋਂ ਨਾ ਕੱਢਣ 'ਤੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਤੇ ਸਮੂਹ ਕੋਰ ਕਮੇਟੀ ਮੈਂਬਰਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰ ਕੇ ਤਨਖਾਹ ਲਗਾਈ ਜਾਵੇ। ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਹੁਕਮ ਦਿੱਤੇ ਗਏ ਸਨ ਕਿ ਵਿਰਸਾ ਸਿੰਘ ਵਲਟੋਹਾ ਨੂੰ 24 ਘੰਟਿਆਂ ਦੇ ਅੰਦਰ-ਅੰਦਰ 10 ਸਾਲਾਂ ਲਈ ਪਾਰਟੀ ਵਿਚੋਂ ਕੱਢਿਆ ਜਾਵੇ। ਉਹਨਾਂ ਕਿਹਾ ਕਿ ਕੱਲ੍ਹ ਅਕਾਲੀ ਦਲ ਦੀ ਕੋਰ ਕਮੇਟੀ ਮੀਟਿੰਗ ਵੀ ਹੋਈ ਜਿਸ ਵਿਚ ਇਹ ਮਾਮਲਾ ਵਿਚਾਰਿਆ ਤੱਕ ਨਹੀਂ ਗਿਆ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਹਰ ਹੁਕਮ ਨੂੰ ਮੰਨਣਾ ਹਰ ਸਿੱਖ ਦਾ ਫਰਜ਼ ਹੈ ਪਰ ਅਕਾਲੀ ਦਲ ਹੁਕਮਾਂ ਨੂੰ ਨਜ਼ਰਅੰਦਾਜ਼ ਕਰ ਕੇ ਵੱਡੀ ਕੁਤਾਹੀ ਕਰ ਰਿਹਾ ਹੈ। ਉਹਨਾਂ ਕਿਹਾ ਕਿ ਇਸ ਹੁਕਮ ਅਦੂਲੀ ਲਈ ਸਰਦਾਰ ਬਲਵਿੰਦਰ ਸਿੰਘ ਭੂੰਦੜ ਤੇ ਕੋਰ ਕਮੇਟੀ ਦੇ ਸਮੁੱਚੇ ਮੈਂਬਰਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰ ਕੇ ਤਨਖਾਹ ਲਗਾਈ ਜਾਣੀ ਚਾਹੀਦੀ ਹੈ।

## ਗੁਰੂ ਗ੍ਰੰਥ ਸਾਹਿਬ ਜੀ ਦੀ ਕੀਤੀ ਗਈ ਬੇਅਦਬੀ ਮਾਮਲੇ 'ਚ ਡੇਰਾ ਮੁੱਖੀ ਰਾਮ ਰਹੀਮ ਕੋਲੋਂ ਸਖਤੀ ਨਾਲ ਪੁੱਛਗਿਛ ਦੀ ਮੰਗ: ਪਰਮਜੀਤ ਸਿੰਘ ਵੀਰਜੀ

### ਬੇਅਦਬੀ ਮਾਮਲੇ ਪੰਜਾਬ ਨਾਲ ਸੰਬੰਧਿਤ ਇਸ ਲਈ ਪੁੱਛਗਿਛ ਵਾਸਤੇ ਪੰਜਾਬ ਦੀ ਜੇਲ੍ਹ ਵਿਚ ਡੱਕਣਾ ਜ਼ਰੂਰੀ

**ਨਵੀਂ ਦਿੱਲੀ, 23 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਡੇਰਾ ਮੁੱਖੀ ਰਾਮ ਰਹੀਮ ਵਲੋਂ ਕੀਤੀ ਗਈਆਂ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਮਾਮਲੇ 'ਚ ਪੰਜਾਬ ਸਰਕਾਰ ਨੇ ਬੇਅਦਬੀ ਦੇ ਤਿੰਨ ਮਾਮਲਿਆਂ ਵਿੱਚ ਉਸ 'ਤੇ ਮੁਕੱਦਮਾ ਚਲਾਉਣ ਦੀ ਪ੍ਰਵਾਨਗੀ ਦੇ ਦਿੱਤੀ ਹੈ ਤੇ ਉਸ ਦੀ ਸੁਣਵਾਈ ਫਰੀਦਕੋਟ ਦੀ ਅਦਾਲਤ ਵਿੱਚ ਹੋਵੇਗੀ। ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਧਰਮ ਪ੍ਰਚਾਰ ਦੇ ਸਾਬਕਾ ਮੁੱਖ ਸੇਵਾਦਾਰ, ਗੁਰਬਾਣੀ ਰਿਸਰਚ ਫਾਉਂਡੇਸ਼ਨ ਅਤੇ ਗੁਰੂ ਹਰਿਕ੍ਰਿਸ਼ਨ ਸਾਹਿਬ ਸੇਵਾ ਸੋਸਾਇਟੀ ਦੇ ਚੇਅਰਮੈਨ ਪੰਥਕ ਆਗੂ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਵਿੱਚ ਕਿਹਾ ਕਿ ਹਾਲਾਂਕਿ ਪੰਜਾਬ ਸਰਕਾਰ ਵੱਲੋਂ ਕੇਸ ਚਲਾਉਣ ਨੂੰ ਮਨਜ਼ੂਰੀ ਦੇਣ ਵਿੱਚ ਬਹੁਤ ਦੇਰੀ ਕੀਤੀ ਗਈ ਹੈ। ਪਰ ਹੁਣ ਜਦੋਂ ਮਨਜ਼ੂਰੀ ਮਿਲ ਹੀ ਗਈ ਹੈ ਤਾਂ ਬਲਾਤਕਾਰੀ ਅਤੇ ਗੰਭੀਰ ਮਾਮਲਿਆ ਦੇ ਮੁਲਜਿਮ ਬਾਬੇ ਨੂੰ ਪੰਜਾਬ ਪੁਲਿਸ ਪੰਜਾਬ ਵਿੱਚ ਰਿਮਾਂਡ ਤੇ ਲਿਆਵੇ ਅਤੇ ਸਖਤੀ ਨਾਲ ਪੁੱਛਗਿੱਛ ਕਰਣ ਵਿਚ ਓਹ ਹਰ ਹੀਲਾ ਵਰਤਿਆ ਜਾਏ ਜੋ ਇਕ ਮੁਜਰਿਮ ਨਾਲ ਵਰਤਿਆ ਜਾਂਦਾ ਹੈ, ਜਿਸ ਇਸ ਬਾਬੇ ਦੇ ਹੋਰ ਵੀਂ ਕੀਤੇ ਗਏ ਕਾਲੇ ਕਾਰਨਾਮੇ ਲੋਕਾਂ ਦੇ ਸਾਹਮਣੇ ਆ ਸਕਣ। ਉਹਨਾਂ ਕਿਹਾ ਕਿ ਪੰਜਾਬ ਦੇ ਸ਼ਾਂਤਮਈ ਮਾਹੌਲ ਅਤੇ ਆਪਸੀ ਭਾਈਚਾਰੇ ਨੂੰ ਜਿਸ ਤਰ੍ਹਾਂ ਇਸ ਬਾਬੇ ਵੱਲੋਂ ਲੰਬੂ ਲਗਾਇਆ ਗਿਆ ਸੀ ਉਹ ਸਭ ਦੇ ਸਾਹਮਣੇ ਹੈ ਤੇ ਇਸ ਦਾ ਸੇਕ ਅਜ ਵੀਂ ਸਿੱਖ ਹਿਰਦੇਆਂ ਅੰਦਰ ਹਾਲੇ ਤਕ ਮਚਿਆ ਹੋਇਆ ਹੈ । ਉਨ੍ਹਾਂ ਕਿਹਾ ਕਿ ਜ਼ੇਕਰ ਪੰਜਾਬ ਸਰਕਾਰ ਇਸ ਮਾਮਲੇ ਵਿਚ ਸੱਚਮੁੱਚ ਗੰਭੀਰ ਹੈ ਅਤੇ ਸਿੱਖ ਕੰਮ ਨੂੰ ਬੇਅਦਬੀ ਮਾਮਲਿਆਂ ਵਿੱਚ ਇਨਸਾਫ ਦਿਵਾਉਣਾ ਚਾਹੁੰਦੀ ਹੈ ਤਾਂ ਬਿਨਾਂ ਕਿਸੇ ਦੇਰੀ ਦੇ ਬਲਾਤਕਾਰੀ ਬਾਬੇ ਨੂੰ ਪੰਜਾਬ ਲਿਆ ਕੇ ਓਸ ਤੋਂ ਪੁੱਛਗਿਛ ਸ਼ੁਰੂ ਕਰਣ ਦੇ ਨਾਲ ਪੰਜਾਬ ਦੀ ਹੀ ਜੇਲ੍ਹ ਡਕਿਆ ਜਾਵੇ ਕਿਉਕਿ ਬੇਅਦਬੀ ਦੇ ਮਸਲੇ ਪੰਜਾਬ ਨਾਲ ਸੰਬੰਧਿਤ ਹਨ । ਉਨ੍ਹਾਂ ਕਿਹਾ ਕਿ ਅਸੀਂ ਸਮੂਹ ਸਿੰਘ ਸਾਹਿਬਾਨਾਂ ਸ਼੍ਰੋਮਣੀ ਕਮੇਟੀ ਅਤੇ ਵੱਖ-ਵੱਖ ਸਿੱਖ ਜਥੇਬੰਦਆਂ ਨੂੰ ਅਪੀਲ ਕਰਦੇ ਹਾਂ ਕਿ ਉਹ ਪੰਜਾਬ ਸਰਕਾਰ ਤੇ ਦਬਾਅ ਬਣਾਉਣ, ਤਾਂ ਹੀ ਸਿੱਖ ਪੰਥ ਨੂੰ ਇੰਨਸਾਫ ਮਿਲ ਸਕੇ।



## ਸਾਬਕਾ ਸਰਪੰਚ ਦੇ ਪਤੀ ਗੁਰਦੀਪ ਸਿੰਘ ਗੋਖਾ ਦਾ ਗੋਲੀਆਂ ਮਾਰ ਕੇ ਕਤਲ

**ਚੌਂਕ ਮਹਿਤਾ, 23 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨਜ਼ਦੀਕੀ ਪਿੰਡ ਸਠਿਆਲਾ ਦੇ ਸਾਬਕਾ ਸਰਪੰਚ ਨਵਜੋਤ ਕੌਰ ਦੇ ਪਤੀ ਗੁਰਦੀਪ ਸਿੰਘ ਗੋਖਾ ਆੜ੍ਹਤੀ ਦੀ ਤਿੰਨ ਮੋਟਰ ਸਾਇਕਲ ਸਵਾਰਾਂ ਵੱਲੋਂ ਉਸਦੀ ਆੜ੍ਹਤ ਦੀ ਦੁਕਾਨ ਵਿੱਚ ਸ਼ਰੇਆਮ ਗੋਲੀਆਂ ਮਾਰਕੇ ਹੱਤਿਆ ਕਰ ਦਿੱਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ।ਇਕ ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦੀਪ ਸਿੰਘ ਗੋਖਾ (45) ਸਪੁੱਤਰ ਸਰਬਜੀਤ ਸਿੰਘ ਆੜ੍ਹਤੀ, ਆਪਣੀ ਦਾਣਾ ਮੰਡੀ ਸਠਿਆਲਾ ਵਿਖੇ ਆੜ੍ਹਤ ਦੀ ਦੁਕਾਨ 'ਤੇ ਬੈਠਾ ਸੀ ਤਾਂ ਤਿੰਨ ਮੋਟਰ ਸਾਇਕਲ ਸਵਾਰ ਹਥਿਆਰਬੰਦ ਨੌਜਵਾਨ, ਜਿੰਨ੍ਹਾਂ ਵਿਚੋਂ ਇਕ ਨੇ ਮੋਟਰ ਸਾਈਕਲ ਸਟਾਰਟ ਰੱਖਿਆ, ਦੂਸਰੇ ਦੋ ਨੌਜਵਾਨਾਂ ਨੇ ਮੋਟਰ ਸਾਇਕਲ ਤੋਂ ਉੱਤਰਕੇ ਗੁਰਦੀਪ ਸਿੰਘ ਗੋਖੇ ਆੜ੍ਹਤੀ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਜਿਸਦੀ ਕਿ ਮੌਕੇ 'ਤੇ ਹੀ ਮੌਤ ਹੋ ਗਈ, ਉਸਨੂੰ ਤੁਰੰਤ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਕਰਾਰ ਦੇ ਦਿੱਤਾ ।ਮ੍ਰਿਤਕ ਆਪਣੇ ਪਿਛੇ ਪਤਨੀ ਨਵਜੋਤ ਕੌਰ ਅਤੇ ਦੋ ਲੜਕੇ ਛੱਡ ਗਿਆ ਹੈ। ਇਸ ਮੌਕੇ ਡੀ.ਐਸ.ਪੀ. ਬਾਬਾ ਬਕਾਲਾ ਸਾਹਿਬ ਅਰੁਣ ਸ਼ਰਮਾ, ਐਸ.ਐਚ.ਓ. ਗਗਨਦੀਪ ਸਿੰਘ ਬਿਆਸ ਅਤੇ ਚੌਂਕੀ ਇੰਚਾਰਜ ਬਲਵਿੰਦਰ ਸਿੰਘ ਸਠਿਆਲਾ ਨੇ ਪੁੱਜਕੇ ਸਾਰੀ ਕਾਰਵਾਈ ਅਮਲ 'ਚ ਲਿਆਂਦੀ। ਮ੍ਰਿਤਕ ਦੇ ਪਰਿਵਾਰ ਦੇ ਬਿਆਨਾਂ ਤੇ ਪੁਲਿਸ ਵੱਲੋਂ ਕੇਸ ਦਰਜ ਕਰਕੇ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

